SWITCH INSURANCE
AUTO, HOME & COMMERCIAL
Auto&Home Insurance
Commercial Vehicle Insurance
Commercial Property Insurance
Commercial General Liability (CGL)
Rental Property
Call:905-965-7474
7900 Hurontario St., Suite 308, Brampton, ON, L6Y 0P6
https://www.switchinsurance.ca

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 22* Issue 11 | Tuesday, January 17, 2023 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ

## ਪ੍ਰੀਮੀਅਰਜ਼ ਵੱਲੋਂ ਮੰਗ ਕਰਨ ਉੱਤੇ ਟਰੂਡੋ ਨੇ ਜ਼ਮਾਨਤ ਸਬੰਧੀ ਸਿਸਟਮ ਵਿੱਚ ਸੁਧਾਰ ਕਰਨ ਦਾ ਦਿਵਾਇਆ ਭਰੋਸਾ

ਓਟਵਾ, 16 ਜਨਵਰੀ (ਪੋਸਟ ਬਿਊਰੋ) : ਦੇਸ਼ ਦੇ ਜ਼ਮਾਨਤ ਸਬੰਧੀ ਸਿਸਟਮ ਵਿੱਚ ਸੁਧਾਰ ਕਰਨ ਲਈ ਕੈਨੇਡਾ ਦੇ ਪ੍ਰੀਮੀਅਰਜ਼ ਵੱਲੋਂ ਫੈਡਰਲ ਸਰਕਾਰ ਨੂੰ ਪੱਤਰ ਲਿਖ ਕੇ ਕੀਤੀ ਗਈ ਮੰਗ ਦੇ ਜਵਾਬ ਵਿੱਚ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਭਰੋਸਾ ਦਿਵ-ਾਇਆ ਹੈ ਕਿ ਉਨ੍ਹਾਂ ਦੀ ਸਰਕਾਰ ਇਸ ਪਾਸੇ ਤੇਜ਼ੀ ਨਾਲ ਤੇ ਸਾਵਧਾਨੀ ਨਾਲ ਕੰਮ ਕਰ ਰਹੀ ਹੈ।

ਸਾਰੀਆਂ 13 ਪ੍ਰੋਵਿੰਸਿਜ਼ ਤੇ ਟੈਰੇਟਰੀਜ਼ ਦੇ ਪ੍ਰੀਮੀਅਰਜ਼ ਵੱਲੋਂ ਸ਼ੁੱਕਰਵਾਰ ਨੂੰ ਟਰੂਡੋ ਨੂੰ ਲਿਖੇ ਪੱਤਰ ਵਿੱਚ ਇਸ ਮਾਮਲੇ ਵਿੱਚ ਫੌਰੀ ਕਾਰਵਾਈ ਕਰਨ ਦੀ ਮੰਗ ਕੀਤੀ ਗਈ ਸੀ। ਜ਼ਿਕਰਯੋਗ ਹੈ ਕਿ ਦਸੰਬਰ ਦੇ ਅੰਤ ਵਿੱਚ ਓਨਟਾਰੀਓ ਦੇ ਪ੍ਰੋਵਿੰਸ਼ੀਅਲ ਪੁਲਿਸ ਅਧਿਕਾਰੀ ਦਾ ਕਤਲ ਹੋਣ ਤੋਂ ਬਾਅਦ ਓਨਟਾਰੀਓ ਦੇ ਪ੍ਰੀਮੀਅਰ ਡੱਗ ਫੋਰਡ ਵੱਲੋਂ ਇਸ ਪੱਤਰ ਲਈ ਪਹਿਲ



ਕੀਤੀ ਗਈ ਸੀ। ਇਸ ਪੁਲਿਸ ਅਧਿਕਾਰੀ ਦੇ ਕਥਿਤ ਦੋ ਕਾਤਲਾਂ ਵਿੱਚੋਂ ਇੱਕ ਨੂੰ ਹਮਲੇ ਤੇ ਹਥਿਆਰਾਂ ਨਾਲ ਸਬੰਧਤ ਹੋਰਨਾਂ ਚਾਰਜਿਜ਼ ਵਿੱਚ ਜ਼ਮਾਨਤ ਦੇਣ ਤੋਂ ਇਨਕਾਰ ਕਰ ਦਿੱਤਾ ਗਿਆ ਸੀ ਪਰ ਬਾਅਦ ਵਿੱਚ ਉਸ ਨੂੰ ਰਿਹਾਅ ਕਰ ਦਿੱਤਾ ਗਿਆ। ਸਸਕਾਟੂਨ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਟਰੂਡੋ ਨੇ ਆਖਿਆ ਕਿ ਉਹ ਸਮਝਦੇ ਹਨ ਕਿ ਇਹ ਸੱਚੀਂ ਚਿੰਤਾ ਦਾ ਵਿਸ਼ਾ ਹੈ ਤੇ ਇਸ ਨੂੰ ਜਲਦ ਹੱਲ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।

## ਫਲੈਮਿੰਗਡਨ ਪਾਰਕ ਵਿੱਚ ਦਿਨ ਦਿਹਾੜੇ ਚੱਲੀਆਂ ਗੋਲੀਆਂ, ਇੱਕ ਜ਼ਖ਼ਮੀ

ਟੋਰਾਂਟੋ, 16 ਜਨਵਰੀ (ਪੋਸਟ ਬਿਊਰੋ) : ਫਲੈਮਿੰਗਡਨ ਪਾਰਕ ਏਰੀਆ ਵਿੱਚ ਦਿਨ ਦਿਹਾੜੇ 18 ਸਾਲਾ ਲੜਕੇ ਨੂੰ ਗੋਲੀਆਂ ਮਾਰ ਕੇ ਜ਼ਖ਼ਮੀ ਕਰ ਦਿੱਤਾ ਗਿਆ। ਇਸ ਸਮੇਂ ਇਹ ਲੜਕਾ ਨਾਜ਼ੁਕ ਹਾਲਤ ਵਿੱਚ ਹਸਪਤਾਲ ਵਿੱਚ ਜ਼ੇਰੇ ਇਲਾਜ ਹੈ।



ਟੋਰਾਂਟੋ ਪੁਲਿਸ ਨੇ ਦੱਸਿਆ ਕਿ ਦੁਪਹਿਰੇ 1:00 ਵਜੇ ਤੋਂ ਪਹਿਲਾਂ ਗੋਲੀਆਂ ਚੱਲਣ ਦੀ ਇਸ ਘਟਨਾ ਦੀ ਜਾਣਕਾਰੀ ਦੇ ਕੇ ਉਨ੍ਹਾਂ ਨੂੰ ਡੌਨ ਮਿਲਜ਼ ਰੋਡ ਤੇ ਓਵਰਲੀਆ ਬੁਲੇਵਾਰਡ ਇਲਾਕੇ ਵਿੱਚ ਸੱਦਿਆ ਗਿਆ। ਮੌਕੇ ਉੱਤੇ ਇੱਕਠੇ ਹੋਏ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਾਰਜਕਾਰੀ ਇੰਸਪੈਕਟਰ ਜੇਸਨ ਅਲਬਾਨੀਜ਼ ਨੇ ਦੱਸਿਆ ਕਿ ਵਾਰਦਾਤ ਵਾਲੀ ਥਾਂ ਲੱਭਣ ਵਿੱਚ ਉਨ੍ਹਾਂ ਨੂੰ ਥੋੜ੍ਹੀ ਦਿੱਕਤ ਤਾਂ ਹੋਈ ਪਰ ਫਿਰ ਉਨ੍ਹਾਂ ਨੂੰ ਈਟੀ ਸੈਟਨ ਪਾਰਕ ਦੇ ਪਾਰਕਿੰਗ ਲੌਟ ਵਿੱਚੋਂ ਇੱਕ ਵਿੱਚ ਇਸ ਘਟਨਾ ਦੇ ਸਬੂਤ ਮਿਲੇ।

ਪੁਲਿਸ ਅਧਿਕਾਰੀਆਂ ਨੂੰ ਇੱਕ ਲੜਕਾ ਜ਼ਖ਼ਮੀ ਹਾਲਤ ਵਿੱਚ ਮਿਲਿਆ। ਉਸ ਦੇ ਦੋਵਾਂ ਪੱਟਾਂ ਵਿੱਚ ਗੋਲੀਆਂ ਲੱਗੀਆਂ ਸਨ। ਉਸ ਨੂੰ ਲੋਕਲ ਹਸਪਤਾਲ ਲਿਜਾਇਆ ਗਿਆ ਜਿੱਥੇ ਉਸ ਦਾ ਆਪਰੇਸ਼ਨ ਚੱਲ ਰਿਹਾ ਹੈ। ਪੁਲਿਸ ਅਧਿਕਾਰੀਆਂ ਨੂੰ ਕ੍ਰਾਈਮ ਸੀਨ ਲੱਭਣ ਵਿੱਚ ਦਿੱਕਤ ਹੋਣ ਕਾਰਨ ਇਸ ਏਰੀਆ ਦੇ ਤਿੰਨ ਸਕੂਲਾਂ ਨੂੰ ਹੋਲਡ ਐਂਡ ਸਕਿਓਰ ਹੁਕਮਾਂ ਤਹਿਤ ਲਿਆਂਦਾ ਗਿਆ। ਪਰ ਬਾਅਦ ਵਿੱਚ ਇਹ ਹੁਕਮ ਹਟਾ ਦਿੱਤੇ ਗਏ। ਅਲਬਾਨੀਜ਼ ਨੇ ਦੱਸਿਆ ਕਿ ਸ਼ੂਟਿੰਗ ਤੋਂ ਪਹਿਲਾਂ 10 ਵਿਅਕਤੀ ਪਾਰਕ ਵਿੱਚ ਇੱਕਠੇ ਹੋਏ। ਇਸ ਤੋਂ ਬਾਅਦ ਤਿੰਨ ਵਿਅਕਤੀ ਪਾਰਕ ਰਾਹੀਂ ਪੱਛਮ ਵੱਲ ਭੱਜ ਗਏ। ਕਿਸੇ ਮਸ਼ਕੂਕ ਦੇ ਸਬੰਧ ਵਿੱਚ ਕੋਈ ਜਾਣਕਾਰੀ ਜਾਰੀ ਨਹੀਂ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## ਮਕੈਨੀਕਲ ਗੜਬੜੀ ਕਾਰਨ ਪਾਇਲਟ ਨੇ ਹਾਈਵੇਅ ਉੱਤੇ ਉਤਾਰਿਆ ਜਹਾਜ਼



ਮਾਰਖਮ, 16 ਜਨਵਰੀ (ਪੋਸਟ ਬਿਊਰੋ) : ਸੋਮਵਾਰ ਦੁਪਹਿਰ ਨੂੰ ਬਟਨਵਿੱਲ ਏਅਰਪੋਰਟ ਦੇ ਨਾਲ ਲੱਗਦੀ ਸੜਕ ਉੱਤੇ ਇੱਕ ਨਿੱਕੇ ਜਹਾਜ਼ ਦੇ ਲੈਂਡ ਕਰਨ ਮਗਰੋਂ ਗੱਡੀ ਚਾਲਕਾਂ ਨੂੰ ਦੂਜੇ ਰਾਹ ਤੋਂ ਜਾਣ ਦੀ ਹਦਾਇਤ ਕੀਤੀ ਗਈ।

ਇਹ ਘਟਨਾ ਮਾਰਖਮ ਵਿੱਚ ਏਅਰਪੋਰਟ ਨੇੜੇ ਹਾਈਵੇਅ 404 ਦੇ ਪੂਰਬ ਵੱਲ 16ਥ ਐਵਨਿਊ ਉੱਤੇ ਵਾਪਰੀ। ਇਸ ਸਬੰਧੀ ਜਾਰੀ ਕੀਤੀ ਗਈ ਵੀਡੀਓ ਵਿੱਚ ਇੱਕ ਦੋ ਸੀਟਾਂ ਵਾਲਾ ਸਲਿੰਗਜ਼ਬਾਇ ਟੀ67ਸੀ ਫਾਇਰਫਲਾਇ ਜਹਾਜ਼ ਸੜਕ ਉੱਤੇ ਹਾਦਸਾਗ੍ਰਸਤ ਨਜ਼ਰ ਆ ਰਿਹਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਇਸ ਜਹਾਜ਼ ਨੇ ਪਹਿਲਾਂ ਰਨਵੇਅ ਉੱਤੇ ਉਤਰਨ ਦੀ ਕੋਸ਼ਿਸ਼ ਕੀਤੀ ਪਰ ਇਹ ਫੈਂਸ ਨੂੰ ਤੋੜਦਾ ਹੋਇਆ 16 ਐਵਨਿਊ ਉੱਤੇ ਲੈਂਡ ਕਰ ਗਿਆ। ਜਹਾਜ਼ ਦਾ ਅਗਲਾ ਹਿੱਸਾ ਸੜਕ ਨਾਲ ਲੱਗਿਆ ਹੋਇਆ ਸੀ ਤੇ ਉਸ ਦੇ ਇੰਜਣ ਤੇ ਪ੍ਰੋਪੈਲਰ ਨੂੰ ਨੁਕਸਾਨ ਹੋਇਆ ਸਾਫ ਨਜ਼ਰ ਆ ਰਿਹਾ ਸੀ।

ਅਜੇ ਤੱਕ ਇਹ ਸਪਸ਼ਟ ਨਹੀਂ ਹੋ ਸਕਿਆ ਕਿ ਜਹਾਜ਼ ਆਪਣਾ ਨਿਯੰਤਰਣ ਕਿਉਂ ਗੁਆ ਬੈਠਿਆ ਤੇ ਸੜਕ ਉੱਤੇ ਕਿਵੇਂ ਲੈਂਡ ਹੋ ਗਿਆ। ਪਰ ਇਸ ਜਹਾਜ਼ ਨੂੰ ਟੋਅ ਕਰਕੇ ਇੱਥੋਂ ਪਾਸੇ ਕਰ ਦਿੱਤਾ ਗਿਆ। ਉਸ ਤੋਂ ਬਾਅਦ ਸਾਰੀਆਂ ਸੜਕਾਂ ਉੱਤੇ ਆਵਾਜਾਈ ਖੋਲ੍ਹ ਦਿੱਤੀ ਗਈ। ਪੁਲਿਸ ਨੇ ਦੱਸਿਆ ਕਿ ਇਸ ਘਟਨਾ ਵਿੱਚ ਕਿਸੇ ਦੇ ਜ਼ਖ਼ਮੀ ਹੋਣ ਦੀ ਕੋਈ ਖਬਰ ਨਹੀਂ ਹੈ। ਇਸ ਜਹਾਜ਼ ਦੇ ਪਾਇਲਟ ਇਬ੍ਰਾਹਿਮ ਕੁਲੌਮ ਨੇ ਮਕੈਨੀਕਲ ਸਮੱਸਿਆ ਦੇ ਚੱਲਦਿਆਂ ਜਹਾਜ਼ ਨੂੰ ਵੁੱਡਬਾਈਨ ਐਵਨਿਊ ਨੇੜੇ ਹਾਈਵੇਅ ਉੱਤੇ ਉਤਾਰਨਾ ਸੁਰੱਖਿਅਤ ਸਮਝਿਆ। ਉਸ ਨੂੰ ਥੋੜ੍ਹਾ ਸਮਾਂ ਪਹਿਲਾਂ ਹੀ ਇਹ ਅਹਿਸਾਸ ਹੋ ਗਿਆ ਸੀ ਕਿ ਉਹ ਜਹਾਜ਼ ਨੂੰ ਏਅਰਪੋਰਟ ਉੱਤੇ ਨਹੀਂ ਉਤਾਰ ਪਾਵੇਗਾ।

## ਸਰਜੀਕਲ ਬੈਕਲਾਗ ਨੂੰ ਘਟਾਉਣ ਲਈ ਪ੍ਰਾਈਵੇਟ ਕੇਅਰ ਵਿੱਚ ਨਿਵੇਸ਼ ਵਾਸਤੇ ਫੋਰਡ ਸਰਕਾਰ ਨੇ ਜਾਰੀ ਕੀਤੀ 3 ਪੜਾਵੀ ਯੋਜਨਾ

ਓਨਟਾਰੀਓ, 16 ਜਨਵਰੀ (ਪੋਸਟ ਬਿਊਰੋ) : ਓਨਟਾਰੀਓ ਸਰਕਾਰ ਵੱਲੋਂ ਜਾਰੀ ਕੀਤੀ ਗਈ ਤਿੰਨ ਪੜਾਵੀ ਯੋਜਨਾ ਤਹਿਤ ਸਰਜੀਕਲ ਬੈਕਲਾਗ ਨੂੰ ਘਟਾਉਣ ਲਈ ਪ੍ਰਾਈਵੇਟ ਕੇਅਰ ਵਿੱਚ ਨਿਵੇਸ਼ ਕੀਤਾ ਜਾਵੇਗਾ। ਇਸ ਕੰਮ ਲਈ ਕੁੱਝ ਕਮਿਊਨਿਟੀ ਸਰਜੀਕਲ ਤੇ ਡਾਇਗਨੌਸਟਿਕ ਸੈਂਟਰਾਂ ਦੀ ਮਦਦ ਲਈ ਜਾਵੇਗੀ। ਇਹ ਪ੍ਰਾਈਵੇਟ ਸੈਂਟਰ ਵਾਧੂ ਸਰਜਰੀਆਂ ਤੇ ਹੋਰ ਮੈਡੀਕਲ ਪ੍ਰੋਸੀਜਰਜ਼ ਨੂੰ ਅੰਜਾਮ ਦੇਣਗੇ।

ਸੋਮਵਾਰ ਸਵੇਰੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਿਹਤ ਮੰਤਰੀ ਸਿਲਵੀਆ ਜੋਨਜ਼ ਨੇ ਆਖਿਆ ਕਿ ਇਸ ਨਾਲ ਉਡੀਕ ਸਮਾਂ ਘਟਾਉਣ ਤੇ ਸਰਜੀਕਲ ਬੈਕਲਾਗ ਖ਼ਤਮ ਕਰਨ ਵਿੱਚ ਮਦਦ ਮਿਲੇਗੀ। ਉਨ੍ਹਾਂ ਇਹ ਵੀ ਆਖਿਆ ਕਿ ਮਰੀਜ਼ਾਂ ਲਈ ਇਹ ਸਾਰੇ ਪ੍ਰੋਸੀਜਰਜ਼ ਓਨਟਾਰੀਓ ਹੈਲਥ ਇੰਸ਼ੋਰੈਂਸ ਪਲੈਨ (ਓਐਚਆਈਪੀ) ਤਹਿਤ ਆਉਣਗੇ।

ਪਹਿਲੇ ਪੜਾਅ ਵਿੱਚ ਮੋਤੀਆਬਿੰਦ ਦੇ ਆਪਰੇਸ਼ਨਜ਼ ਲਈ ਉਡੀਕ ਸੂਚੀ ਨੂੰ ਘੱਟ ਕਰਨ ਵਾਸਤੇ ਕਮਿਊਨਿਟੀ ਸਰਜੀਕਲ ਤੇ ਡਾਇਗਨੌਸਟਿਕ ਸੈਂਟਰਾਂ ਨਾਲ ਨਵੀਂ ਭਾਈਵਾਲੀ ਤਹਿਤ ਨਿਵੇਸ਼ ਕੀਤਾ ਜਾਵੇਗਾ। ਇਸ ਤਹਿਤ ਹਰ ਸਾਲ 14000 ਵਧੇਰੇ ਆਪਰੇਸ਼ਨ ਕੀਤੇ ਜਾ ਸਕਣਗੇ। ਇਨ੍ਹਾਂ ਸੈਂਟਰਾਂ ਵਿੱਚ ਮੁਨਾਫਾ ਕਮਾਉਣ ਵਾਲੇ ਤੇ ਗੈਰ ਮੁਨਾਫੇ ਵਾਲੇ ਸੈਂਟਰ ਦੋਵੇਂ ਹੋਣਗੇ। ਇਸ ਦੇ ਨਾਲ ਹੀ



ਸਰਕਾਰ ਐਮਆਰਆਈ ਤੇ ਸੀਟੀ ਸਕੈਨ, ਆਪਥੈਲਮਿਕ ਸਰਜਰੀਜ਼, ਨਿੱਕੀਆਂ ਮੋਟੀਆਂ ਗਾਇਨੇਕੌਲੋਜੀਕਲ ਸਰਜਰੀਜ਼ ਤੇ ਪਲਾਸਟਿਕ ਸਰਜਰੀਜ਼ ਲਈ ਮੌਜੂਦਾ ਸੈਂਟਰਾਂ ਵਿੱਚ 18 ਮਿਲੀਅਨ ਡਾਲਰ ਦਾ ਨਿਵੇਸ਼ ਵੀ ਕਰੇਗੀ।

ਦੂਜੇ ਪੜਾਅ ਵਿੱਚ ਘੱਟ ਕਾਹਲੀ ਵਾਲੇ, ਘੱਟ ਖਤਰੇ ਵਾਲੇ ਆਪਰੇਸ਼ਨ ਆਦਿ ਕੀਤੇ ਜਾਣਗੇ। ਇਸ ਬਾਰੇ ਸਰਕਾਰ ਵੱਲੋਂ ਘੱਟ ਵੇਰਵਾ ਮੁਹੱਈਆ ਕਰਵਾਇਆ ਗਿਆ ਹੈ। ਅਗਲੇ ਮਹੀਨੇ ਪ੍ਰੋਵਿੰਸ ਨਵਾਂ ਬਿੱਲ ਪੇਸ਼ ਕਰਨ ਜਾ ਰਹੀ ਹੈ। ਜੇ ਇਹ ਬਿੱਲ ਪਾਸ ਹੋ ਜਾਂਦਾ ਹੈ ਤਾਂ ਪ੍ਰਾਈਵੇਟ ਕਲੀਨਿਕਸ ਨੂੰ ਵਧੇਰੇ ਐਮਆਰਆਈ ਤੇ ਸੀਟੀ ਸਕੈਨ ਕਰਨ ਦੀ ਖੁੱਲ੍ਹ ਮਿਲ ਜਾਵੇਗੀ।

ਆਖਰੀ ਪੜਾਅ ਵਿੱਚ ਪ੍ਰਾਈਵੇਟ ਕਲੀਨਿਕਾਂ ਨੂੰ 2024 ਤੱਕ ਚੂਲੇ ਤੇ ਗੋਡਿਆਂ ਦੇ ਆਪਰੇਸ਼ਨ ਦੀ ਇਜਾਜ਼ਤ ਮਿਲ ਜਾਵੇਗੀ। ਇਸ ਦੌਰਾਨ ਫੋਰਡ ਨੇ ਸਪਸ਼ਟ ਕੀਤਾ ਕਿ ਇਹ ਤਬਦੀਲੀਆਂ ਆਰਜ਼ੀ ਨਹੀਂ ਸਗੋਂ ਸਥਾਈ ਹੋਣਗੀਆਂ।

NOW HIRING !!!
ALLKIND INSURANCE
•Life Insurance •Super Visa Insurance
•Critical illness Ins •Mortgage Insurance
•Travel & Visitor Ins •Disability Insurance
•RESP & TFSA & RRSP •Funeral Insurance
SIMRAN SAINI
416.994.7272
www.allkindinsurance.com

SUPER VISA INSURANCE EXPERTS
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL
Insurance Advisor
416-724-5000

GURBIR CHAHAL
Sales Representative
416.566.7605
gurbir.chahal@yahoo.com
ROYAL LEPAGE Flower City Realty Off: 905.230.3100

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat Broker
Aaxel InsuranceBrokers Ltd.
1332 Khalsa Dr, Unit # 11, Mississauga, ON L5S 0A2

INSURANCE
Home Auto
Business Trucking
Life Insurance Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

PEST PROBLEM ?
Residential & Commercial
All Pest Control
100% Customer Satisfaction
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill
Certified & Licenced Exterminator

HOME APPLIANCES STORE
ANNIVERSARY SPECIAL DEAL
PRICE $5199* NO TAX
UPGRADE LAUNDRY IN JUST $99*
KitchenAid moffat MAYTAG LG SAMSUNG Electrolux JENNAIR BOSCH Whirlpool
416-551-5553
WWW.OURRHOMEAPPLIANCES.COM

HELPING YOU PLAN TODAY...FOR TOMORROW
• Supervisa / Visitor Insurance
• Life /Mortgage/Funeral Insurance
• Disability Insurance
• Critical Illness Insurance
• RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovarid Dr. W. Brampton, ON L6X0T9 | www.ufsinsurance.com

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

KELLEY LAW OFFICE
Immigration Real Estate
Family Law Business Closing
Corporate Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੌਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
Barrister, Solicitor & Notary Public
905-362-0755

Canada Consumer Credit Assistance ਕਰਜ਼ਾ ਰਹਿਤ ਜਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available 1888 864 3131
Jasbir Singh Hundal
Qualified Credit Counsellor
www.MakeMeDebtFree.ca 416-502-3100 Unit #20 - 7015 Tranmere Drive Mississauga, ON L5S 1T7

CN Forklift Training Center
Counterbalance All Types | Walkie pallet Low Lift | Electric Motor Narrow Aisle Reach | Cherry Order Picker
Licence $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan Certified Instructor

Royal Pest Control
Residential Commercial Industrial
Specialist in Bedbugs Service
All Pest Control :
•Mouse & Rats •Spiders & Fleas •Bedbugs •Wasps
•Cockroaches •Carpenter Ants •Silver Fish •Racoons
Call : PARESH PATEL
416 938 4598

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc.
Harpreet Singh Goraya
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
• Real Estate Law • Business Law
• Wills & Estates • Family Law
• Power of Attorney • Civil Litigation
• Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

## ਰਾਹੁਲ ਗਾਂਧੀ ਨੇ ਕਿਹਾ: ਪੰਜਾਬ ਨੂੰ ਖ਼ੁਦ ਚਲਾਉਣ ਮੁੱਖ ਮੰਤਰੀ ਭਗਵੰਤ ਮਾਨ, ਉਨ੍ਹਾਂ ਨੂੰ ਕਿਸੇ ਦਾ ਰਿਮੋਟ ਕੰਟਰੋਲ ਨਹੀਂ ਬਣਨਾ ਚਾਹੀਦਾ



ਚੰਡੀਗੜ੍ਹ, 16 ਜਨਵਰੀ (ਪੋਸਟ ਬਿਊਰੋ): ਪੰਜਾਬ 'ਚ ਭਾਰਤ ਜੋੜੋ ਯਾਤਰਾ ਦੇ 5ਵੇਂ ਦਿਨ ਹੁਸ਼ਿਆਰਪੁਰ ਪਹੁੰਚੇ ਰਾਹੁਲ ਗਾਂਧੀ ਨੇ ਆਮ ਆਦਮੀ ਪਾਰਟੀ (ਆਪ) ਸਰਕਾਰ 'ਤੇ ਨਿਸ਼ਾਨਾ ਸਾਧਿਆ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਨੂੰ ਦਿੱਲੀ ਵਿੱਚ ਬੈਠੇ ਅਰਵਿੰਦ ਕੇਜਰੀਵਾਲ ਦਾ ਰਿਮੋਟ ਕੰਟਰੋਲ ਨਹੀਂ ਬਣਨਾ ਚਾਹੀਦਾ। ਉਨ੍ਹਾਂ ਕਿਹਾ ਕਿ ਭਾਰਤ ਦੇ ਹਰ ਰਾਜ ਦਾ ਆਪਣਾ ਇਤਿਹਾਸ ਹੈ। ਹਰ ਖੇਤਰ ਦੀ ਆਪਣੀ ਭਾਸ਼ਾ, ਇਤਿਹਾਸ ਅਤੇ ਜੀਵਨ ਢੰਗ ਹੈ। ਪੰਜਾਬ ਨੂੰ ਪੰਜਾਬ ਤੋਂ ਹੀ ਚਲਾਇਆ ਜਾਵੇ। ਪੰਜਾਬ ਨੂੰ ਦਿੱਲੀ ਤੋਂ ਨਹੀਂ ਚਲਾਉਣਾ ਚਾਹੀਦਾ।

ਮੈਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਕਹਿਣਾ ਚਾਹੁੰਦਾ ਹਾਂ ਕਿ ਤੁਸੀਂ ਪੰਜਾਬ ਦੇ ਮੁੱਖ ਮੰਤਰੀ ਹੋ, ਪੰਜਾਬ ਨੂੰ ਪੰਜਾਬ ਤੋਂ ਚਲਾਉਣਾ ਚਾਹੀਦਾ ਹੈ। ਦਿੱਲੀ ਨੂੰ ਕੇਜਰੀਵਾਲ ਦੇ ਦਬਾਅ ਵਿੱਚ ਨਹੀਂ ਆਉਣਾ ਚਾਹੀਦਾ। ਇਹ ਪੰਜਾਬ ਦੀ ਇਜ਼ਤ ਦੀ ਗੱਲ ਹੈ। ਭਗਵੰਤ ਮਾਨ ਨੂੰ ਆਪਣੇ ਕਿਸਾਨਾਂ-ਮਜ਼ਦੂਰਾਂ ਦੀ ਗੱਲ ਸੁਣ ਕੇ ਕੰਮ ਕਰਨਾ ਚਾਹੀਦਾ ਹੈ। ਕਿਸੇ ਦਾ ਵੀ ਰਿਮੋਟ ਕੰਟਰੋਲ ਨਹੀਂ ਬਣਨਾ ਚਾਹੀਦਾ। ਕਾਂਗਰਸ ਵੇਲੇ ਪੰਜਾਬ ਸਰਕਾਰ ਪੰਜਾਬ ਤੋਂ ਹੀ ਚੱਲਦੀ ਸੀ।

## ਮੁੱਖ ਮੰਤਰੀ ਭਗਵੰਤ ਮਾਨ ਨੇ ਦਿੱਤਾ ਰਾਹੁਲ ਗਾਂਧੀ ਨੂੰ ਜਵਾਬ, ਸਾਨੂੰ ਨਸੀਹਤ ਦੇਣ ਤੋਂ ਪਹਿਲਾਂ ਰਾਹੁਲ ਆਪਣੀ ਪੀੜ੍ਹੀ ਥੱਲੇ ਸੋਟਾ ਫੇਰਨ

### ਕਿਹਾ: ਮੈਨੂੰ ਮੁੱਖ ਮੰਤਰੀ ਪੰਜਾਬ ਦੀ ਜਨਤਾ ਨੇ ਬਣਾਇਆ, ਜਦੋਂ ਕਿ ਚੰਨੀ ਨੂੰ ਮੁੱਖ ਮੰਤਰੀ ਰਾਹੁਲ ਗਾਂਧੀ ਨੇ ਬਣਾਇਆ ਸੀ



ਚੰਡੀਗੜ੍ਹ, 16 ਜਨਵਰੀ (ਪੋਸਟ ਬਿਊਰੋ): ਕਾਂਗਰਸ ਆਗੂ ਰਾਹੁਲ ਗਾਂਧੀ ਵੱਲੋਂ ਸੂਬੇ ਦੇ ਦੌਰੇ ਦੌਰਾਨ ਦਿੱਤੇ ਬੇਤੁਕੇ ਬਿਆਨਾਂ ਦਾ ਸਖ਼ਤ ਨੋਟਿਸ ਲੈਂਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਸੋਮਵਾਰ ਨੂੰ ਵਿਅੰਗ ਕਸਦਿਆਂ ਕਿਹਾ ਕਿ ਅਜਿਹੇ ਬੇਬੁਨਿਆਦ ਬਿਆਨ ਦੇਣ ਤੋਂ ਪਹਿਲਾਂ ਰਾਹੁਲ ਆਪਣੀ ਪੀੜ੍ਹੀ ਥੱਲੇ ਸੋਟਾ ਫੇਰਨ।

ਮੁੱਖ ਮੰਤਰੀ ਨੇ ਕਿਹਾ ਕਿ ਰਾਹੁਲ ਗਾਂਧੀ ਨੂੰ ਲੋਕਤੰਤਰ ਜਾਂ ਜਮਹੂਰੀ ਮਰਿਆਦਾ ਬਾਰੇ ਕੁਝ ਵੀ ਕਹਿਣ ਦਾ ਕੋਈ ਨੈਤਿਕ ਅਧਿਕਾਰ ਨਹੀਂ ਹੈ। ਭਗਵੰਤ ਮਾਨ ਨੇ ਗਾਂਧੀ ਪਰਿਵਾਰ ਦੇ ਜਾਨਸ਼ੀਨ ਨੂੰ ਚੇਤੇ ਕਰਵਾਇਆ ਕਿ ਉਨ੍ਹਾਂ ਨੂੰ ਪੰਜਾਬ ਦੇ ਲੋਕਾਂ ਨੇ ਮੁੱਖ ਮੰਤਰੀ ਚੁਣਿਆ ਹੈ, ਜਿਨ੍ਹਾਂ ਨੇ ਉਨ੍ਹਾਂ ਦੀ ਪਾਰਟੀ ਦੇ ਹੱਕ ਵਿੱਚ ਵੱਡਾ ਫਤਵਾ ਦਿੱਤਾ ਸੀ। ਉਨ੍ਹਾਂ ਕਿਹਾ ਕਿ ਰਾਹੁਲ ਗਾਂਧੀ ਨੇ ਚਰਨਜੀਤ ਸਿੰਘ ਚੰਨੀ ਨੂੰ ਮੁੱਖ ਮੰਤਰੀ ਬਣਾਇਆ ਸੀ, ਜਦੋਂ ਕਿ ਮੈਨੂੰ ਲੋਕਾਂ ਨੇ ਸੇਵਾ ਕਰਨ ਲਈ ਚੁਣਿਆ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਰਾਹੁਲ ਗਾਂਧੀ ਨੇ ਖ਼ੁਦ ਕੈਪਟਨ ਅਮਰਿੰਦਰ ਸਿੰਘ ਨੂੰ ਮੁੱਖ ਮੰਤਰੀ ਦੇ ਅਹੁਦੇ ਤੋਂ ਹਟਾ ਕੇ ਲਗਪਗ ਇੱਕ ਸਾਲ ਪਹਿਲਾਂ ਉਨ੍ਹਾਂ ਨੂੰ ਜ਼ਲੀਲ ਕੀਤਾ ਸੀ। ਉਨ੍ਹਾਂ ਅੱਗੇ ਕਿਹਾ ਕਿ ਇਹ ਵੀ ਦੁਖਾਂਤ ਹੈ ਕਿ ਮੌਜੂਦਾ ਸੂਬਾ ਕਾਂਗਰਸ ਪ੍ਰਧਾਨ ਨੂੰ ਚੱਲ ਰਹੀ ਯਾਤਰਾ ਦੌਰਾਨ ਧੱਕੇ ਮਾਰ ਕੇ ਲੋਕਾਂ ਵਿੱਚ ਬੇਇੱਜ਼ਤ ਕੀਤਾ ਜਾ ਰਿਹਾ ਹੈ, ਜੋ ਕਿ ਅਸਲ ਵਿਚ ਮੀਡੀਆ ਵਿੱਚ ਸੁਰਖ਼ੀਆਂ ਬਟੋਰਨ ਲਈ ਕਾਂਗਰਸੀ ਆਗੂ ਦੀ ਘਟੀਆ ਚਾਲ ਤੋਂ ਵੱਧ ਕੁਝ ਨਹੀਂ। ਭਗਵੰਤ ਮਾਨ ਨੇ ਕਿਹਾ ਕਿ ਕਾਂਗਰਸੀ ਆਗੂ ਭੁੱਲ ਗਏ ਹਨ ਕਿ ਉਨ੍ਹਾਂ ਦੇ ਪਰਿਵਾਰ ਦੇ ਹੱਥ ਦੇਸ਼ ਵਿਚ ਲੋਕਤੰਤਰ ਦੇ ਕਤਲ ਨਾਲ ਰੰਗੇ ਹੋਏ ਹਨ ਅਤੇ ਲੋਕ ਉਨ੍ਹਾਂ ਨੂੰ ਇਸ ਗੁਨਾਹ ਲਈ ਕਦੇ ਮੁਆਫ਼ ਨਹੀਂ ਕਰਨਗੇ।

## ਅਮਰੀਕਾ ਨਾਲ ਮਿਨੀ ਟਰੇਡ ਸਮਝੌਤੇ ਦੇ ਹੱਕ ਵਿਚ ਨਹੀਂ ਹੈ ਭਾਰਤ : ਪਿਊਸ਼ ਗੋਇਲ

### * ਵਪਾਰ ਤੇ ਸਨਅਤ ਮੰਤਰੀ ਨੇ ਟਰੇਡ ਪਾਲਸੀ ਫੋਰਮ ਦੀ ਮੀਟਿੰਗ ਨੂੰ ਕੀਤਾ ਸੰਬੋਧਨ



ਸੈਕਰਾਮੈਂਟੋ (ਹੁਸਨ ਲੜੋਆ ਬੰਗਾ)-ਭਾਰਤ ਦੇ ਵਪਾਰ ਤੇ ਸਨਅਤ ਮੰਤਰੀ ਪਿਊਸ਼ ਗੋਇਲ ਨੇ ਕਿਹਾ ਹੈ ਕਿ ਅਮਰੀਕਾ ਨਾਲ ਭਾਰਤ ਮਿਨੀ ਟਰੇਡ ਸਮਝੌਤੇ ਦੇ ਹੱਕ ਵਿਚ ਨਹੀਂ ਹੈ ਜੋ ਸਮਝੌਤਾ ਸਾਬਕਾ ਰਾਸ਼ਟਰਪਤੀ ਡੋਨਲਡ ਟਰੰਪ ਦੇ ਕਾਰਜਕਾਲ ਦੌਰਾਨ ਵਿਚਾਰ ਅਧੀਨ ਸੀ ਤੇ ਇਸ ਦੇ ਨਾਲ ਹੀ ਇਸ ਵੇਲੇ ਮੁਕਤ ਵਪਾਰ ਸਮਝੌਤੇ ਉਪਰ ਚਰਚਾ ਨਹੀਂ ਹੋ ਰਹੀ ਕਿਉਂਕਿ ਬਾਈਡਨ ਪ੍ਰਸ਼ਾਸਨ ਇਸ ਵਿਚ ਦਿਲਚਸਪੀ ਨਹੀਂ ਰਖਦਾ। ਉਨਾਂ ਕਿਹਾ ਕਿ ਭਾਰਤ ਤੇ ਅਮਰੀਕਾ ਨੇ ਇਕ ਦੂਸਰੇ ਦੇ ਬਾਜ਼ਾਰ ਵੱਲ ਧਿਆਨ ਕੇਂਦ੍ਰਿਤ ਕਰਨ ਤੇ ਦੋਨਾਂ ਦੇਸ਼ਾਂ ਵਿਚਾਲੇ ਵਪਾਰ ਸੁਖਾਵਾਂ ਬਣਾਉਣ ਦਾ ਨਿਰਨਾ ਲਿਆ ਹੈ। ਪਿਊਸ਼ ਗੋਇਲ ਅਮਰੀਕਾ ਦੇ ਵਪਾਰਕ ਪ੍ਰਤੀਨਿੰਧ ਕੈਥਰੀਨ ਟਾਈ ਨਾਲ ਗੱਲਬਾਤ ਉਪਰੰਤ ਵਾਸ਼ਿੰਗਟਨ ਡੀ ਸੀ ਵਿਚ ਟਰੇਡ ਪਾਲਸੀ ਫੋਰਮ ਦੀ ਮੀਟਿੰਗ ਨੂੰ ਸੰਬੋਧਨ ਕਰ ਰਹੇ ਸਨ। ਗੋਇਲ ਨੇ ਸਵਿਕਾਰ ਕੀਤਾ ਕਿ ਇਸ ਸਮੇ ਭਾਰਤ ਤੇ ਅਮਰੀਕਾ ਵਿਚਾਲੇ ਵਪਾਰਕ ਸੰਬੰਧਾਂ ਵਿਚ ਕੋਈ ਵਰਣਨਯੋਗ ਪ੍ਰਗਤੀ ਨਹੀਂ ਹੋਈ ਹੈ।

ਉਨਾਂ ਨੇ ਫਰਵਰੀ 2020 ਵਿਚ ਤਤਕਾਲ ਰਾਸ਼ਟਰਪਤੀ ਡੋਨਲਡ ਟਰੰਪ ਦੇ ਭਾਰਤ ਦੇ ਦੌਰੇ ਵੇਲੇ ਗੱਲਬਾਤ ਨਾ ਸਿਰੇ ਚੜਨ ਲਈ ਟਰੰਪ ਪ੍ਰਸ਼ਾਸਨ ਨੂੰ ਜਿੰਮੇਵਾਰ ਠਹਿਰਾਇਆ। ਉਨਾਂ ਕਿਹਾ ਕਿ ਟਰੰਪ ਨੇ ਭਾਰਤ ਨਾਲ ਵਪਾਰਕ ਗੱਲਬਾਤ ਵਿਚ ਅੜਿਕਾ ਪਾਇਆ ਸੀ। ਗੋਇਲ ਨੇ ਕਿਹਾ ਕਿ ਅਸੀਂ ਅਮਰੀਕਾ ਨਾਲ ਵਪਾਰਕ ਖੇਤਰ ਵਿਚ ਵੱਡਾ ਟੀਚਾ ਰਖਦੇ ਹਾਂ ਤੇ ਇਸ ਲਈ ਯਤਨਸ਼ੀਲ ਹਾਂ। ਉਨਾਂ ਨੇ ਅਮਰੀਕਾ ਨਾਲ ਛੋਟੇ ਮੋਟੇ ਸਮਝੌਤੇ ਨੂੰ ਰੱਦ ਕਰਦਿਆਂ ਸੰਕੇਤ ਦਿੱਤਾ ਕਿ ਭਾਰਤ ਮੁਕਤ ਵਪਾਰ ਸਮਝੌਤੇ ਦੇ ਹੱਕ ਵਿਚ ਹੈ ਤੇ ਭਾਰਤ ਨੇ ਇਹ ਸਮਝੌਤਾ ਆਸਟ੍ਰੇਲੀਆ ਤੇ ਯੂ ਏ ਈ ਨਾਲ ਕੀਤਾ ਹੈ। ਇਸ ਤੋਂ ਇਲਾਵਾ ਭਾਰਤ ਕੈਨੇਡਾ, ਇੰਗਲੈਂਡ, ਇਸਰਾਈਲ ਤੇ ਯੂਰਪੀ ਯੁਨੀਅਨ ਨਾਲ ਵੀ ਮੁਕਤ ਵਪਾਰ ਸਮਝੌਤਾ ਕਰਨ ਲਈ ਯਤਨਸ਼ੀਲ ਹੈ। ਇਸ ਸੰਬੰਧ ਵਿਚ ਸਰਗਰਮੀ ਨਾਲ ਕੋਸ਼ਿਸ਼ਾਂ ਹੋ ਰਹੀਆਂ ਹਨ। ਇਥੇ ਜਿਕਰਯੋਗ ਹੈ ਕਿ 2021 ਵਿਚ ਭਾਰਤ ਤੇ ਅਮਰੀਕਾ ਵਿਚਾਲੇ 160 ਅਰਬ ਡਾਲਰ ਦਾ ਵਪਾਰ ਹੋਇਆ ਸੀ ਜੋ ਕਿ ਪਿਛਲੇ ਇਕ ਦਹਾਕੇ ਦੀ ਤੁਲਨਾ ਵਿਚ ਕਿਤੇ ਵਧ ਹੈ ਪਰੰਤੂ ਇਹ 500 ਅਰਬ ਡਾਲਰ ਦੇ ਉਸ ਟੀਚੇ ਤੋਂ ਬਹੁਤ ਦੂਰ ਹੈ ਜੋ ਟੀਚਾ ਮੌਜੂਦਾ ਰਾਸ਼ਟਰਪਤੀ ਜੋ ਬਾਈਡਨ ਨੇ 2013 ਵਿਚ ਉਪ ਰਾਸ਼ਟਰਪਤੀ ਦੀ ਹੈਸੀਅਤ ਵਿਚ ਭਾਰਤ ਦੇ ਦੌਰੇ ਦੌਰਾਨ ਮਿਥਿਆ ਸੀ।

## ਅੱਜ ਨਾਮਾ >>

ਸੋਚਣਾ ਜਨਤਾ ਦਾ ਭਲਾ ਸਰਕਾਰ ਰਹਿੰਦੀ,
ਭਲਾਈ ਸਿਰਫ ਆ ਸੇਠਾਂ ਦੀ ਹੋਈ ਜਾਂਦੀ।
ਮੁੜ ਮੁੜ ਖੇਡ ਵੀ ਬਾਹਰ ਹੈ ਆਈ ਜਾਂਦੀ,
ਅੰਕੜਿਆਂ ਓਹਲੇ ਨਾ ਕਦੇ ਲੁਕੋਈ ਜਾਂਦੀ।
ਵੱਡਿਆਂ ਸੇਠਾਂ ਦੀ ਲੱਗੀ ਪਈ ਧਾੜ ਸਾਰੀ,
ਦੌਲਤ ਸਾਰੀ ਆ ਰਾਤ-ਦਿਨ ਢੋਈ ਜਾਂਦੀ।
ਹੁੰਦੀ ਜਿੰਨੀ ਤਰੱਕੀ ਆ ਦਾਅਵਿਆਂ ਵਿੱਚ,
ਛਾਨਣੀ ਵਾਂਗ ਹੀ ਰਾਹਾਂ ਵਿੱਚ ਚੋਈ ਜਾਂਦੀ।
ਆਦਮੀ ਆਮ ਦਾ ਹੋਇਆ ਹੈ ਜੀਣ ਔਖਾ,
ਹਰ ਇੱਕ ਵਸਤ ਦੇ ਭਾਅ ਨੇ ਚੜ੍ਹੇ ਮੀਆਂ।
ਹਾਕਮ ਬਦਲਦੇ, ਨਾਅਰੇ ਨੇ ਬਦਲ ਜਾਂਦੇ,
ਆਦਮੀ ਆਮ ਫਿਰ ਖੜਾ ਈ ਰੜੇ ਮੀਆਂ।

**ਤੀਸ ਮਾਰ ਖਾਂ**

## ਡੀ.ਸੀ. ਡਾ. ਰੂਹੀ ਦੁੱਗ ਨੇ ਐੱਨ.ਆਰ.ਆਈਜ਼ ਦੇ ਕੇਸਾਂ ਦੀ ਕੀਤੀ ਸੁਣਵਾਈ

ਫਰੀਦਕੋਟ, 16 ਜਨਵਰੀ (ਗਿਆਨ ਸਿੰਘ): ਡਿਪਟੀ ਕਮਿਸ਼ਨਰ ਡਾ. ਰੂਹੀ ਦੁੱਗ ਨੇ ਜਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਅਸ਼ੋਕਾ ਚੱਕਰ ਮੀਟਿੰਗ ਹਾਲ ਵਿਖੇ ਬੈਠਕ ਕਰਕੇ ਐਨ.ਆਰ.ਆਈਜ਼ ਦੇ ਕੇਸਾਂ ਦੀ ਸੁਣਵਾਈ ਕੀਤੀ ਅਤੇ ਮੌਕੇ ਤੇ ਸਬੰਧਤ ਵਿਭਾਗ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਪੰਜਾਬੀ ਪ੍ਰਵਾਸੀ ਭਾਰਤੀਆਂ ਨਾਲ ਬਿਹਤਰੀਨ ਤਾਲਮੇਲ ਸਥਾਪਿਤ ਕਰਨ ਅਤੇ ਉਨ੍ਹਾਂ ਨੂੰ ਸੂਬੇ ਦੀ ਤਰੱਕੀ ਵਿੱਚ ਭਾਈਵਾਲ ਬਣਾਉਣ ਦੇ ਮਕਸਦ ਨਾਲ ਦਸੰਬਰ 2022 ਮਹੀਨੇ ਵਿੱਚ ਮੋਗਾ ਵਿਖੇ 'ਪੰਜਾਬੀ ਐਨ.ਆਰ.ਆਈਜ਼ ਮਿਲਣੀ' ਪ੍ਰੋਗਰਾਮ ਆਯੋਜਿਤ ਕੀਤਾ ਗਿਆ ਸੀ। ਇਸ ਦੌਰਾਨ ਐਨ.ਆਰ.ਆਈਜ਼ ਵੱਲੋਂ ਜਿਲ੍ਹੇ ਦੇ ਨਾਲ ਸਬੰਧਤ 15 ਵੱਖ ਵੱਖ ਸ਼ਿਕਾਇਤਾਂ ਦਿੱਤੀਆਂ ਗਈਆਂ ਸਨ। ਜੋ ਕਿ ਨਜਾਇਜ਼ ਕਬਜ਼ੇ, ਪੈਸੇ ਦੇ ਲੈਣ ਦੇਣ, ਗਲੀਆਂ ਅਤੇ ਜ਼ਮੀਨ ਦੇ ਲੈਣ ਦੇਣ ਨਾਲ ਸਬੰਧਤ ਸਨ। ਉਨ੍ਹਾਂ ਕਿਹਾ ਕਿ ਐਨ.ਆਰ.ਆਈਜ਼ ਵੱਲੋਂ ਦਿੱਤੀਆਂ ਗਈਆਂ ਸ਼ਿਕਾਇਤਾਂ ਸਬੰਧੀ ਵੱਖ ਵੱਖ ਵਿਭਾਗਾਂ ਨਾਲ ਸਬੰਧਤ ਅਧਿਕਾਰੀਆਂ ਤੋਂ ਜਾਣਕਾਰੀ ਲੈਣ ਉਪਰੰਤ ਮੌਕੇ ਤੇ ਯੋਗ ਬਣਦੀ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਉਨ੍ਹਾਂ ਕਿਹਾ ਕਿ ਐਨ.ਆਰ.ਆਈਜ਼ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ ਤੇ ਸੁਣਿਆਂ ਜਾ ਰਿਹਾ ਹੈ। ਉਨ੍ਹਾਂ ਅਧਿਕਾਰੀਆਂ ਨੂੰ ਵੀ ਨਿਰਦੇਸ਼ ਦਿੱਤੇ ਕਿ ਉਹ ਐਨ.ਆਰ.ਆਈਜ਼ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ ਤੇ ਹੱਲ ਕਰਨ ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ? ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

NATURAL HEALTH SOLUTIONS
Over 20 years Homeopathic/Holistic ways case solving experience
HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜ਼ੁਰਬਾ ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਿਸਆਵਾਂ ਨੂੰ ਠੀਕ ਕਰਨ ਦਾ ਤਜ਼ੁਰਬਾ ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ –
ਤੁਹਾਡੀ ਭਾਸ਼ਾ ਬੋਲਦੇ – Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill (MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com •

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ukttc UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
➡ Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
➡ Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾਂ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

## ਕੁਲਦੀਪ ਸਿੰਘ ਧਾਲੀਵਾਲ ਨੇ ਪੇਂਡੂ ਵਿਕਾਸ ਅਤੇ ਪੰਚਾਇਤਾਂ ਵਿਭਾਗ ਵਿਚ 122 ਜੂਨੀਅਰ ਇੰਜੀਨੀਅਰਾਂ ਨੂੰ ਵੰਡੇ ਨਿਯੁਕਤੀ ਪੱਤਰ



ਚੰਡੀਗੜ੍ਹ, 16 ਜਨਵਰੀ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਸੂਬੇ ਦੇ ਨੌਜਵਾਨਾਂ ਨੂੰ ਰੁਜ਼ਗਾਰ ਦੇਣ ਦਾ ਵਾਅਦਾ ਨਿਭਾਇਆ ਹੈ ਅਤੇ ਹੁਣ ਤੱਕ ਸੂਬੇ ਦੇ ਨੌਜਵਾਨਾਂ ਨੂੰ ਲਗਭੱਗ 10 ਮਹੀਨਿਆਂ ਦੇ ਕਾਰ-ਜਕਾਲ ਦੌਰਾਨ ’ਚ 25 ਹਜ਼ਾਰ ਤੋਂ ਵੱਧ ਸਰਕਾਰੀ ਨੌਕਰੀਆਂ ਮੁਹੱਈਆ ਕਰਵਾਈਆਂ ਗਈਆਂ ਹਨ।

ਪੰਜਾਬ ਦੇ ਪੇਂਡੂ ਵਿਕਾਸ ਅਤੇ ਪੰਚ-ਾਇਤ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਅੱਜ ਵਿਕਾਸ ਭਵਨ, ਐਸ. ਏ. ਐਸ. ਨਗਰ ਵਿਖੇ ਪੇਂਡੂ ਵਿਕਾਸ ਅਤੇ ਪੰਚਾਇਤਾਂ ਵਿਭਾਗ ਪੰਜਾਬ ਦੇ ਤਕਨੀਕੀ ਵਿੰਗ ਵਿੱਚ ਨਵੇਂ ਭਰਤੀ ਹੋਏ 122 ਜੂਨੀਅਰ ਇੰਜੀਨੀਅਰ ਨੂੰ ਨਿਯੁਕਤੀ ਪੱਤਰ ਵੰਡਣ ਮੌਕੇ ਇਹ ਜਾਣਕਾਰੀ ਦਿੱਤੀ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਆਪਣੇ ਕੀਤੇ ਵਾਅਦੇ ਮੁਤ-ਾਬਿਕ ਕੰਮ ਕਰ ਰਹੀ ਹੈ ਅਤੇ ਸੂਬੇ ਦੇ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਮੁਹੱਈਆ ਕਰਵਾ ਰਹੀ ਹੈ। ਉਨ੍ਹਾਂ ਕਿਹਾ ਕਿ ਖਾਲੀ ਅਸਾਮੀਆਂ ਨੂੰ ਯੋਗ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦੇ ਕੇ ਭਰਨਾ ਸੂਬੇ ਨੂੰ ‘ਰੰਗਲਾ ਪੰਜਾਬ’ ਬਣਾਉਣ ਦੀ ਦਿਸ਼ਾ ‘ਚ ਹੋਰ ਅੱਗੇ ਲਿਜਾਣਾ ਹੈ।

ਧਾਲੀਵਾਲ ਨੇ ਵਿਭਾਗ ‘ਚ ਵੱਖ-ਵੱਖ ਕੇਡਰ ਦੀਆਂ ਹੋਰ ਖਾਲੀ ਪਈਆਂ ਅਸਾਮੀਆਂ ਨੂੰ ਛੇਤੀ ਭਰਨ ਦੀ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਇਸ ਤੋਂ ਪਹਿਲਾਂ ਪੇਂਡੂ ਵਿਕਾਸ ਤੇ ਪੰਚਾਇਤਾਂ ਵਿਭਾਗ ਵਿੱਚ 20 ਉਪ ਮੰਡਲ ਅਫਸਰ, 43 ਜੂਨੀਅਰ ਡਰਾਫਸਮੈਂਨਸ ਅਤੇ 5 ਕਲਰਕਾਂ ਨੂੰ ਭਰਤੀ ਕੀਤਾ ਗਿਆ ਹੈ।

ਉਨ੍ਹਾਂ ਨੇ ਨਵ ਨਿਯੁਕਤ ਜੂਨੀਅਰ ਇੰਜੀਨੀਅਰ ਨੂੰ ਸਰਕਾਰੀ ਨੌਕਰੀ ਦੀ ਵਧਾਈ ਦਿੰਦਿਆਂ ਕਿਹਾ ਕਿ ਉਹ ਇਮਾਨਦਾਰੀ ਅਤੇ ਮਿਹਨਤ ਨਾਲ ਸੇਵਾਵਾਂ ਆਪਣੀਆਂ ਸੇਵਾਵਾਂ ਲੋਕ ਹਿੱਤ ’ਚ ਨਿਭਾਉਣ ਅਤੇ ਪੰਜਾਬ ਦੀ ਤਰੱਕੀ ’ਚ ਆਪਣਾ ਯੋਗਦਾਨ ਪਾਉਣ। ਉਨ੍ਹਾਂ ਕਿਹਾ ਕਿ ਨਵੇਂ ਭਰਤੀ ਕੀਤੇ ਗਏ ਅਧਿਕਾਰੀਆਂ ਤੇ ਕਰਮਚਾਰੀਆਂ ਨਾਲ ਸੂਬੇ ਦੇ ਪੇਂਡੂ ਖੇਤਰਾਂ ਵਿੱਚ ਵਿਕਾਸ ਦੇ ਕੰਮਾਂ ਵਿੱਚ ਤੇਜੀ ਆਵੇਗੀ ਅਤੇ ਵੱਖ-ਵੱਖ ਚੱਲ ਰਹੇ ਪ੍ਰਾਜੈਕਟਾਂ ਦੀ ਗੁਣਵੱਤਾ ਵਿੱਚ ਵੀ ਸੁਧਾਰ ਆਵੇਗਾ।

ਇਸ ਮੌਕੇ ਪੇਂਡੂ ਵਿਕਾਸ ਅਤੇ ਪੰਚਾਇਤਾਂ ਵਿਭਾਗ ਦੇ ਵਧੀਕ ਮੁੱਖ ਸਕੱਤਰ ਕੇ. ਸਿਵਾ ਪ੍ਰਸਾਦ, ਡਾਇਰੈਕਟਰ ਗੁਰਪ੍ਰੀਤ ਸਿੰਘ ਖਹਿਰਾ, ਤੇਜਪਾਲ ਸਿੰਘ ਮੁੱਖ ਇੰਜੀਨੀਅਰ, ਸੰਜੀਵ ਗਰਗ ਸੰਯੁਕਤ ਡਾਇਰੈਕਟਰ, ਧੀਰਜ ਗੋਇਲ ਨਿਗਰਾਨ ਇੰਜੀਨੀਅਰ, ਤੇਜਿੰਦਰ ਸਿੰਘ ਮੁਲਤਾਨੀ ਨਿਗਰਾਨ ਇੰਜੀਨੀਅਰ, ਮਹੇਸ਼ਵਰ ਚੰਦਰ ਸ਼ਾਰਦਾ ਕਾਰਜਕਾਰੀ ਇੰਜੀਨੀਅਰ ਅਤੇ ਵਿਭਾਗ ਦੇ ਡਿਪਟੀ ਡਾਇਰੈਕਟਰਜ਼ ਵੀ ਹਾਜ਼ਰ ਸਨ।

# ਬਜੁਰਗਾਂ ਨੂੰ ਵੀ ਮਾਨ ਸਨਮਾਨ ਵਾਲੀ ਜ਼ਿੰਦਗੀ ਜੀਉਣ ਦਾ ਹੱਕ ਹੈ



-ਸੁਰਜੀਤ ਸਿੰਘ ਫਲੋਰਾ-



ਜਿਥੇ ਅੱਜ ਵਿਗਿਆਨ ਨੇ ਬਹੁਤ ਵੱਡੀ ਪੱਧਰ ਤੇ ਤਰੱਕੀ ਕੀਤੀ ਹੈ, ਬਿਮਾਰੀਆਂ ਦੇ ਇਲਾਜ਼, ਮਨੁਖ ਦੇ ਜੀਵਨ ਜਿਉਣ ਦੇ ਢੰਗ ਤਰੀਕੇ, ਰਹਿਣ- ਸਹਿਣ ਕਾਰਨ ਮਨੁਖ 15-20 % ਤੱਕ ਆਪਣੀ ਉਮਰ ਵਿਚ ਵਾਧਾ ਹੋਇਆ ਹੈ। ਪਰ ਸਾਡੇ ਰਿਸ਼ਤਿਆਂ ਵਿਚ ਪਿਆਰ- ਮੁਹੱਬਤ , ਆਪਸੀ ਮਿਲ-ਵਰਤ ਕੇ ਰਹਿਣ ਵਿਚ ਬਹੁਤ ਬਦਲ ਆ ਚੁਕਾ ਹੈ। ਜਿਥੇ ਬਜੁਰਗ ਘਰ ਦਾ ਮਾਣ ਹੁੰਦੇ ਸਨ, ਹੁਣ ਉਹਨਾਂ ਨੂੰ ਕੋਈ ਪੁੱਛਦਾ ਵੀ ਨਹੀਂ ਇਥੋ ਤੱਕ ਕਿ ਉਹਨਾਂ ਨੂੰ ਨਰਸਿੰਗ ਹੋਮ ਵਿਚ ਭੇਜ ਦਿੱਤਾ ਜਾਂਦਾ ਹੈ। ਜਿਥੇ ਉਹ ਇਕੱਲੇ ਦੀਵਾਰਾਂ ਨਾਲ ਗੱਲਾਂ ਕਰਦੇ, ਆਪਣਾ ਜੀਵਨ ਬਤੀਤ ਕਰਦੇ ਹਨ।

ਜਿਸ ਲਈ ਸਾਨੂੰ ਵਿਆਪਕ ਜਨਤਕ ਘੋਲਾਂ ਰਾਹੀਂ ਸਾਡੇ ਬੁਨਿਆਦੀ ਹੱਕਾਂ ਦੀ ਰਾਖੀ ਕਰਨੀ ਹੋਵੇਗੀ ਜਿਸ ਵਿੱਚ ਬਜੁਰਗਾਂ ਲਈ ਮਾਨ ਸਨਮਾਨ ਦੀ ਜ਼ਿੰਦਗੀ ਜੀਣ ਦਾ ਹੱਕ ਵੀ ਸ਼ਾਮਲ ਹੈ। ਸਰਕਾਰਾਂ ਨੂੰ ਇਸ ਗੱਲ ਦਾ ਅਹਿਸਾਸ ਕਰਾਉਣਾ ਪਵੇਗਾ ਕਿ ਬਜੁਰਗ ਸਿਰਫ ਵੋਟ ਬੈਂਕ ਹੀ ਨਹੀਂ ਇਨਸਾਨ ਹਨ। ਆਪਣੇ ਇਹਨਾਂ ਜਮਹੂਰੀ ਹੱਕਾਂ ਦੀ ਰਾਖੀ ਕਰਦੇ ਹੋਏ ਸਾਨੂੰ ਪਰਿਵਾਰਾਂ ਅੰਦਰ ਵੀ ਹਰ ਸੰਭਵ ਹੱਦ ਤੱਕ ਜਮਹੂਰੀ ਕਦਰਾਂ ਕੀਮਤਾਂ ਨੂੰ ਬਹਾਲ ਕਰਨ ਦਾ ਯਤਨ ਕਰਨਾ ਚਾਹੀਦਾ ਹੈ ਅਤੇ ਮੌਜੂਦਾ ਅਣਮਨੁੱਖੀ, ਪਤਨਸ਼ੀਲ, ਸਾਰੀਆਂ ਨੈਤਿਕ ਕਦਰਾਂ ਕੀਮਤਾਂ ਗਵਾ ਚੁੱਕੇ ਅਤੇ ਵੇਲਾ ਗਵਾ ਚੁਕੇ ਸਰਮਾਏਦਾਰਾ ਸੱਭਿਆਚਾਰ ਖਿਲਾਫ਼ ਇੱਕ ਵਿਆਪਕ ਸੱਭਿਆਚਾਰਕ ਮੁਹਿੰਮ ਵਿੱਢਣੀ ਹੋਵੇਗੀ ਅਤੇ ਕਿਰਤੀ ਲੋਕਾਂ ਦੇ ਸੱਭਿਆਚਾਰ ਨੂੰ ਲੋਕਾਂ ਵਿੱਚ ਮੁੜ ਸਥਾਪਤ ਕਰਨਾ ਹੋਵੇਗਾ। ਸੰਖੇਪ ਵਿੱਚ ਇਸ ਪੂਰੇ ਸਰਮਾਏਦਾਰਾ ਢਾਂਚੇ ਨੂੰ ਢਹਿ ਢੇਰੀ ਕਰਨ ਦੀ ਲੜਾਈ ਲੜਨੀ ਹੋਵੇਗੀ ਅਤੇ ਇੱਕ ਐਸੇ ਸਮਾਜਵਾਦੀ ਸਮਾਜ ਦੀ ਉਸਾਰੀ ਕਰਨੀ ਹੋਵੇਗੀ ਜਿਸ ਵਿੱਚ ਵਿਅਕਤੀ ਦੇ ਹਿੱਤ ਸਮਾਜ ਨਾ਼ਲ ਟਕਰਾਵੇਂ ਨਾ ਹੋ ਕੇ ਦੋਵੇਂ ਇੱਕ ਦੂਜੇ ਦੇ ਪੂਰਕ ਹੋਣ, ਮਨੁੱਖ ਦਾ ਇਹ ਖੁੱਸ ਚੁੱਕਿਆ ਮਨੁੱਖੀ ਗੌਰਵ ਮੁੜ ਬਹਾਲ ਹੋ ਸਕੇ। ਇਸ ਲੜਾਈ ਦਾ ਹਿੱਸਾ ਬਣਦੇ ਹੋਏ ਹੀ ਅਸੀਂ ਆਉਣ ਵਾ਼ਲੇ ਸਮੇਂ ਵਿੱਚ ਬਜੁਰਗਾਂ ਨੂੰ ਉਹਨਾਂ ਦਾ ਬਣਦਾ ਮਾਣ-ਸਨਮਾਨ ਵਾਪਸ ਦੇ ਸਕਦੇ ਹਾਂ।

ਪਰ ਕਈ ਵਾਰ ਸਵਾਲ ਉਠਦਾ ਹੈ ਕਿ ਬਜੁਰਗਾਂ ਦੀ ਦੇਖਾਭਲ ਕਿਸ ਨੂੰ ਕਰਨੀ ਚਹਿੰਦੀ ਹੈ? ਜਵਾਬ ਬਹੁਤ ਹੀ ਅਸਾਨ ਹੈ, ਜਦੋਂ ਤੁਸੀਂ ਬੱਚੇ ਸੀ ਤਾਂ ਤੁਹਾਡੀ ਦੇਖਭਾਲ ਕਿਸਨੇ ਕੀਤੀ ਅਤੇ ਤੁਹਾਨੂੰ ਭਵਿੱਖ ਲਈ ਸਮਰੱਥ ਕਿਸ ਨੇ ਬਣਾਇਆ? ਹੁਣ ਜਦੋਂ ਤੁਸੀਂ ਬੁੱਢੇ ਹੋ ਜਾਂਦੇ ਹੋ ਅਤੇ/ਜਾਂ ਆਪਣੀ ਦੇਖਭਾਲ ਕਰਨ ਵਿੱਚ ਅਸਮਰੱਥ ਹੋ ਜਾਂਦੇ ਹੋ ਤਾਂ ਤੁਹਾਡੀ ਦੇਖਭਾਲ ਕੌਣ ਕਰੇਗਾ? ਜਦੋਂ ਕਿ ਉਹਨਾਂ ਕੋਲ ਤੁਹਾਨੂੰ ਅਨਾਥ ਆਸ਼ਰਮ ਜਾਂ ਪਾਲਣ-ਪੋਸ਼ਣ ਘਰ ਵਿੱਚ ਛੱਡਣ ਦਾ ਵਿਕਲਪ ਸੀ?

ਭਾਵੇਂ ਅਸੀਂ ਇਸ ਸਭ ਨੂੰ ਪਾਸੇ ਰੱਖ ਦੇਈਏ, ਸਾਨੂੰ ਦਇਆ, ਦਿਆਲਤਾ ਅਤੇ ਪਿਆਰ ਨਾਲ ਭਰੀ ਦੁਨੀਆਂ ਦੀ ਲੋੜ ਹੈ। ਸਾਨੂੰ ਇੱਕ ਅਜਿਹੀ ਦੁਨੀਆਂ ਦੀ ਲੋੜ ਹੈ ਜਿੱਥੇ ਲੋਕ ਬੁਨਿਆਦੀ ਲੋੜਾਂ ਤੋਂ ਪਰੇ ਇੱਕ ਦੂਜੇ ਦੀ ਦੇਖਭਾਲ ਕਰਦੇ ਹਨ। ਕੀ ਇਹ ਚੰਗਾ ਨਹੀਂ ਹੋਵੇਗਾ? ਆਉ ਆਪਣੇ ਆਪ ਤੋਂ ਸ਼ੁਰੂਆਤ ਕਰੀਏ। ਅਤੇ ਸਾਡੇ ਬੱਚਿਆਂ ਅਤੇ ਸਾਡੇ ਆਲੇ ਦੁਆਲੇ ਹਰ ਕਿਸੇ ਲਈ ਰੋਲ ਮਾਡਲ ਬਣੀਏ।

ਜਦ ਮੈਂ ਇਕ ਨਰਸਿੰਗ ਹੋਮ ਵਿਚ ਕੰਮ ਕਰਦਾ ਸੀ ਤਾਂ ਮੈਂ ਬਜੁਰਗਾ ਦੇ ਹੰਝੂ ਦੇਖੇ ਹਨ, ਜਦ ਉਹਨਾਂ ਨੂੰ ਕੋਈ ਵੀ ਮਿਲਣ ਨਹੀਂ ਸੀ ਆਉਂਦਾ, ਮੈਂ ਉਹਨਾਂ ਦੇ ਹੰਝੂ ਵੇਖੇ ਅਤੇ ਉਹਨਾਂ ਨੂੰ ਦਿਲਾਸਾ ਦਿੱਦਾ ਰਹਿੰਦਾ ਸੀ, ਮੈਂ ਉਹ ਵੀ ਦੇਖੇ ਹਨ ਜਿਹਨਾਂ ਨੇ ਸਾਰੀ ਉਮਰ ਆਪਣੇ ਮਾਂ ਬਾਪ ਬਜੁਰਗਾਂ ਦੀ ਦੇਖਭਾਲ ਨਹੀਂ ਕੀਤੀ, ਅੰਤਿਮ ਸਮੇਂ ਤਕ ਮ੍ਰਿਤਕ ਸਰੀਰ ਤੱਕ ਨੂੰ ਲੈਣ ਨਹੀਂ ਆਏ, ਜੋ ਆਏ ਉਹ ਸਿਰਫ਼ ਤੇ ਸਿਰਫ਼ ਮੌਤ ਦਾ ਪ੍ਰਮਾਣ ਪੱਤਰ ਲੈਣ ਲਈ ਆਏ ਤਾਂ ਜੋ ਜਾਇਦਾਤ ਜੋ ਉਹ ਪਿਛੇਂ ਛੱਡ ਗਏ ਹਨ ਉਹ ਉਹਨਾਂ ਦੇ ਨਾਂ ਤੇ ਹੋ ਜਾਣ।

ਜੇਕਰ ਅੱਜ ਦੇ ਯੁਗ ਦੀ ਗੱਲ ਕਰਦੇ ਹਾਂ ਰਾਸ਼ਟਰ ਜੋ ਲਗਭਗ ਪੂਰੀ ਤਰ੍ਹਾਂ ਵਿਭਾਜਿਤ ਹੋ ਗਿਆ ਹੈ, ਰਹਿਣ ਲਈ ਉਮਰ-ਨਿਰਧਾਰਤ ਸਥਾਨਾਂ, ਅੱਗੇ ਵਧਣ ਲਈ ਗਤੀਵਿਧੀਆਂ, ਅਤੇ ਇੱਥੋਂ ਤੱਕ ਕਿ ਕੌਣ ਅਤੇ ਕਿੰਨੇ ਸਮੇਂ ਲਈ ਆ ਸਕਦਾ ਹੈ।

ਨਾਲ ਹੀ, ਇਹ ਸਭਿਆਚਾਰਾਂ ਦੇ ਅਧਾਰ ਤੇ ਬਹੁਤ ਬਦਲਦਾ ਹੈ. ਪੂਰਵ-ਆਧੁਨਿਕ ਸੰਸਕ੍ਰਿਤੀ ਵਿੱਚ, ਇੱਕ ਆਮ ਉਮੀਦ ਸੀ ਕਿ ਬੱਚੇ ਅਤੇ ਉਨ੍ਹਾਂ ਦੇ ਜੀਵਨ ਸਾਥੀ ਤੁਹਾਡੀ ਆਪਣੀ ਉਮਰ ਵਿੱਚ ਤੁਹਾਡੀ ਦੇਖਭਾਲ ਕਰਨ ਵਿੱਚ ਮਦਦ ਕਰਨਗੇ। ਵਧੇਰੇ ਆਧੁਨਿਕ ਅਤੇ ਖਾਸ ਕਰਕੇ ਪੱਛਮੀ ਆਧੁਨਿਕ ਸਭਿਆਚਾਰਾਂ ਵਿੱਚ, ਇਹ ਉਮੀਦ ਬਹੁਤ ਘੱਟ ਹੈ। ਕੁਝ ਪ੍ਰਵਾਸੀ ਜੋ ਜਵਾਨੀ ਵਿੱਚ ਆਪਣੇ ਬਜ਼ੁਰਗ ਮਾਪਿਆਂ ਦੀ ਦੇਖਭਾਲ ਕਰਦੇ ਹਨ, ਇਹ ਜਾਣ ਕੇ ਹੈਰਾਨ ਰਹਿ ਜਾਂਦੇ ਹਨ ਕਿ ਉਨ੍ਹਾਂ ਦੇ ਬੱਚੇ ਉਨ੍ਹਾਂ ਲਈ ਬਹੁਤ ਕੁਝ ਕਰਨ ਲਈ ਤਿਆਰ ਨਹੀਂ ਹਨ। ਜੀਵਣ ਦੇ ਦੋਨਾਂ ਤਰੀਕਿਆਂ ਦੇ ਫਾਇਦੇ ਅਤੇ ਕੋਬਸ ਹਨ।

ਕੋਈ ਹੋਰ ਸਭਿਆਚਾਰ ਜਿਸ ਬਾਰੇ ਮੈਂ ਜਾਣਦਾ ਹਾਂ, ਇਸ ਦੇ ਬਹੁਤ ਸਾਰੇ ਬਜ਼ੁਰਗਾਂ ਨੂੰ ਅਲੱਗ ਨਹੀਂ ਕੀਤਾ ਜਾਂਦਾ, ਬਜ਼ੁਰਗਾਂ ਨੂੰ ਸਤਿਕਾਰਯੋਗ ਪਰਿਵਾਰਕ ਮੈਂਬਰਾਂ ਵਜੋਂ ਦੇਖਦੇ ਹਨ।ਸਭ ਰਲ-ਮਿਲ ਕੇ ਰਹਿੰਦੇ ਹਨ। ਜ਼ਿਆਦਾਤਰ ਬਜ਼ੁਰਗ ਬੋਝ ਨਹੀਂ ਬਣਨਾ ਚਾਹੁੰਦੇ ਅਤੇ ਅੱਗੇ ਦੀ ਯੋਜਨਾ ਬਣਾਉਣਾ ਚਾਹੁੰਦੇ ਹਨ, ਅਤੇ ਅਕਸਰ ਉਹਨਾਂ ਯੋਜਨਾਵਾਂ ਵਿੱਚ ਚੱਲ ਰਹੇ ਪਰਿਵਾਰਕ ਜੀਵਨ ਸ਼ਾਮਲ ਹੁੰਦੇ ਹਨ ਜਿਸ ਵਿੱਚ ਪਿਆਰ ਕਰਨ ਵਾਲੇ ਬੱਚੇ ਅਤੇ ਪੋਤੇ-ਪੋਤੀਆਂ ਬਹੁ-ਪੀੜ੍ਹੀ ਰਹਿਣ ਅਤੇ ਸਾਂਝਾ ਕਰਨ ਦੇ ਵਿਸ਼ੇਸ਼ ਅਧਿਕਾਰ ਦਾ ਆਨੰਦ ਲੈਂਦੇ ਹਨ। ਕਈ ਵਾਰ ਬਿਮਾਰੀ - ਜਾਂ ਤਾਂ ਸਰੀਰਕ ਜਾਂ ਮਾਨਸਿਕ - ਪੇਸ਼ੇਵਰ ਦੇਖਭਾਲ ਦੀ ਮੰਗ ਕਰਦੀ ਹੈ, ਪਰ ਇਹ ਜ਼ਿਆਦਾਤਰ ਸਮਾਂ ਨਹੀਂ ਹੁੰਦਾ, ਜਿਵੇਂ ਕਿ ਦੂਜੇ ਦੇਸ਼ਾਂ ਵਿੱਚ ਆਸਾਨੀ ਨਾਲ ਦੇਖਿਆ ਜਾ ਸਕਦਾ ਹੈ।

ਪਰਿਵਾਰਾਂ ਵਿੱਚ ਰਹਿੰਦੇ ਬਜੁਰਗਾਂ ਵਿੱਚ 60% ਨੂੰ ਦੁਰਵਿਹਾਰ ਦਾ ਸਾਹਮਣਾਂ ਕਰਨਾ ਪੈਂਦਾ ਹੈ। ਇਹ ਦੁਰਵਿਹਾਰ ਕਈ ਰੂਪਾਂ ਵਿੱਚ ਸਾਹਮਣੇ ਆਉਂਦਾ ਹੈ। ਸਰੀਰਕ ਤਸੀਹਿਆਂ ਰਾਹੀਂ, ਮਾਨਸਿਕ ਤਸੀਹਿਆਂ ਰਾਹੀਂ, ਮਨੋਵਿਗਿਆਨਕ ਤਸੀਹਿਆਂ ਰਾਹੀਂ ਆਦਿ ਅਨੇਕਾਂ ਤਰੀਕਿਆਂ ਨਾ਼ਲ ਇਹਨਾਂ ਨਾ਼ਲ ਦੁਰਵਿਹਾਰ ਕੀਤਾ ਜਾਂਦਾ ਹੈ ਜਿਸਦੀਆਂ ਉਦਾਹਰਣਾਂ ਸਾਨੂੰ ਰੋਜਾਨਾ ਆਪਣੇ ਆ਼ਲੇ ਦੁਆ਼ਲੇ ਜਾਂ ਅਖਬਾਰਾਂ , ਟੀ ਵੀ ਖ਼ਬਰਾਂ ਵਿੱਚ ਸੁਣਨ ਨੂੰ ਮਿ਼ਲਦੀਆਂ ਰਹਿੰਦੀਆਂ ਹਨ ਕਿ ਕਿਸ ਤਰ੍ਹਾਂ ਘਰਾਂ ਵਿੱਚ ਕੈਦ ਕਰ ਕੇ ਉਹਨਾਂ ਤੋਂ ਇੱਕ ਕੈਦੀ ਦੀ ਤਰ੍ਹਾਂ ਰੋਜਾਨਾਂ ਦੇ ਕੰਮ ਕਰਵਾਏ ਜਾਂਦੇ ਹਨ, ਨਾਂਹ-ਨੁੱਕਰ ਕਰਨ ’ਤੇ ਘਰੋਂ ਕੱਢ ਦਿੱਤੇ ਜਾਣ ਦੀਆਂ ਧਮਕੀਆਂ ਦਿੱਤੀਆਂ ਜਾਂਦੀਆਂ ਹਨ, ਬੁਢਾਪਾ ਘਰਾਂ, ਵਿੱਚ ਉਹਨਾਂ ਨੂੰ ਛੱਡ ਦਿੱਤਾ ਜਾਂਦਾ ਹੈ ਅਤੇ ਉੱਥੇ ਵੀ ਜਿਸਮਾਨੀ ਛੇੜ ਛਾੜ ਦਾ ਸ਼ਿਕਾਰ ਹੋਣਾ ਪੈਂਦਾ ਹੈ। ਇਹਨਾਂ ਪੀੜਤਾਂ ਵਿੱਚੋਂ ਬਜੁਰਗਾਂ ਨਾ਼ਲ ਘਰਾਂ ਵਿੱਚ ਰੋਜਾਨਾਂ ਦੁਰਵਿਹਾਰ ਕੀਤਾ ਜਾਂਦਾ ਹੈ, ਜਿਵੇਂ ਕਿ ਕੈਦੀਆਂ ਵਰਗੀ ਜ਼ਿੰਦਗੀ ਬਿਤਾਉਣੀ ਪੈਂਦੀ ਹੈ, ਮਾਨਸਿਕ ਸ਼ੋਸ਼ਣ, ਗਾਲੀ ਗਲੋਚ ਆਦਿ ਸਹਿਣਾ ਪੈਂਦਾ ਹੈ, ਕੁੱਟ ਮਾਰ ਤੇ ਹੋਰ ਜਿਸਮਾਨੀ ਸ਼ੋਸ਼ਣ ਸਹਿਣੇ ਪੈਂਦੇ ਹਨ, ਅਤੇ ਹੋਰ ਅਨੇਕਾਂ ਤਰ੍ਹਾਂ ਦੇ ਅਪਮਾਨ ਸਹਿਣੇ ਪੈਂਦੇ ਹਨ, ਘਰਾਂ ਵਿੱਚ ਵੀ ਇਕੱਲੇ ਰਹਿ ਰਹੇ ਬਜੁਰਗਾਂ ਨਾ਼ਲ ਲੁੱਟ ਖੋਹ ਦੇ ਮਾਮਲੇ ਆਮ ਹੀ ਸੁਣਨ ਨੂੰ ਮਿ਼ਲਦੇ ਹਨ। ਇਹ ਵੀ ਸੱਚ ਹੈ ਕਿ ਬਹੁਤੇ ਬਜੁਰਗ ਅਣਮਨੁੱਖੀ ਹਾਲਤਾਂ ਵਿੱਚ ਜੀਵਨ ਬਤੀਤ ਕਰਨ ਲਈ ਮਜ਼ਬੂਰ ਹਨ ਮਤਲਬ ਇਹ ਕਿ ਅਬਾਦੀ ਦਾ ਇਹ ਹਿੱਸਾ ਸਮਾਜਕ ਤੌਰ ’ਤੇ ਪੂਰੀ ਤਰ੍ਹਾਂ ਅਸੁਰੱਖਿਅਤ ਹੈ, ਜਾਂ ਇੰਜ ਕਹਿ ਲਈਏ ਅਸਲ ਵਿੱਚ ਸਾਡਾ ਮੌਜੂਦਾ ਸਮਾਜ ਇਹਨਾਂ ਨੂੰ ਸੁਰੱਖਿਆ ਦੇਣ ਤੋਂ ਅਸੱਮਰਥ ਸਾਬਤ ਹੋ ਚੁੱਕਾ ਹੈ।

ਇੱਕ ਪੁਰਾਣੀ ਰੂਸੀ ਲੋਕ ਕਥਾ ਹੈ ਜਿਸ ਵਿੱਚ ਇੱਕ ਆਦਮੀ ਅਤੇ ਪਤਨੀ ਆਪਣੇ ਬੁੱਢੇ ਪਿਤਾ ਨੂੰ ਆਪਣੇ ਨਾਲ ਰਹਿਣ ਦੀ ਅਸੁਵਿਧਾ ਨੂੰ ਲੈ ਕੇ ਲੜਦੇ ਹਨ। ਆਖ਼ਰਕਾਰ ਆਦਮੀ ਆਪਣੀ ਪਤਨੀ ਦੇ ਵਿਰੋਧ ਨੂੰ ਸਵੀਕਾਰ ਕਰਦਾ ਹੈ ਅਤੇ ਆਪਣੇ ਪਿਤਾ ਨੂੰ ਨਸਸਿੰਗ ਹੋਮ ਵਿਚ ਭੇਜਣ ਲਈ ਸਹਿਮਤ ਹੋ ਜਾਂਦਾ ਹੈ। ਉਹ ਆਪਣੇ ਜਵਾਨ ਪੁੱਤਰ ਨੂੰ ਕਹਿੰਦਾ ਹੈ। “ਇੱਥੇ, ਆਪਣੇ ਦਾਦਾ ਜੀ ਨੂੰ ਠੰਡ ਦੇ ਵਿਰੁੱਧ ਇਸ ਕੰਬਲ ਵਿੱਚ ਲਾਪੇਟੋ ਅਤੇ ਉਸਨੂੰ ਗਰੀਬ ਘਰ ਪਹੁੰਚਾਓ।” ਸੰਸਕਾਰੀ ਪੁੱਤਰ ਕਹਿੰਦਾ ਹੈ, "ਜਿਵੇਂ ਤੁਹਾਡੀ ਮਰਜ਼ੀ, ਪਿਤਾ ਜੀ " ਅਤੇ ਕੰਬਲ ਨੂੰ ਅੱਧਾ ਕੱਟਣਾ ਸ਼ੁਰੂ ਕਰ ਦਿੰਦਾ ਹੈ। ਪਿਤਾ ਚੀਕਦਾ ਹੈ, "ਇਹ ਕੀ ਕਰ ਰਿਹਾ ਹੈ?" ਅਤੇ ਪੁੱਤਰ ਜਵਾਬ ਦਿੰਦਾ ਹੈ, "ਮੈਂ ਤੁਹਾਨੂੰ ਢੱਕਣ ਲਈ ਅੱਧਾ ਕੰਬਲ ਬਚਾ ਰਿਹਾ ਹਾਂ ਜਦੋਂ ਉਹ ਦਿਨ ਆਵੇਗਾ ਜਦੋਂ ਮੇਰੀ ਪਤਨੀ ਮੈਨੂੰ ਤੁਹਾਨੂੰ ਛੱਡਣ ਲਈ ਕਹੇਗੀ।" ਜਵਾਬ ਸਭ ਨੂੰ ਮਿਲ ਹੀ ਗਿਆ ਹੋਵੇਗਾ। ਜੋ ਬੀਜੋਗੇ, ਅੰਤ ਵਿਚ ਉਹ ਹੀ ਵੱਡੋਗੇ।


NEED A LAWYER ??

Red Seal NOTARY

KAUR LAW OFFICE



MANJEET KAUR
LL.B., (London UK)
Barrister, Solicitor & Notary Public

REAL ESTATE LAWYER
- Residential & Commercial
- Sale/Purchase of House
- Mortgage & Refinancing
- Drafting/Reviewing Agreements
- Title Transfer
- 2nd Mortgage

IMMIGRATION
- Skilled Worker Category
- Spousal & Family Sponsorship
- Student Permits Visa & Renewals
- PR Renewal/ Citizenship Application

FAMILY LAWYER
- Child & Spousal support
- Custody & Access
- Divorce
- Equalization

BUSINESS LAW
- Incorporation & Shareholder agreements
- Sales & Purchase of Assets & Shares
- Notarization & Affidavits

WILLS & ESTATE
- Wills
- Certificate of Estate Trustee with/without Will
- Power of attorney for Property & Personal Care

Tel : 905-454-0099
Fax: 905-454-2234
2575 Steeles Ave. E., Unit 1,Brampton, ON L6T 5T1



ਬਾਬਾਣੀਆ ਕਹਾਣੀਆ ਪੁਤ ਸਪੁਤ ਕਰੇਨਿ।।

RSFO Ramgarhia Sikh Foundation of Ontario

Ramgarhia Sikh Foundation of Ontario
10th International Award 2023

Dedicated to the 300th Birth Anniversary of Maharaja Jassa Singh Ramgarhia

300 ਸਾਲਾ ਮਹਾਰਾਜਾ ਰਾਮਗੜ੍ਹੀਆ ਦੇ ਨਾਮ

| | | |
|---|---|---|
| 19th May | Welcoming Guests | 10am |
| 19th May | Lunch | 1pm to 3pm |
| 20th May | Seminar | 10am to 4pm |
| 21th May | Presentation of Awards | 10am to 4pm |

on Friday, 19th May 2023
10:00am to 6:00pm
Century Gardens Recreations Complex (Auditorium 1)
340 Vodden Street East, Brampton, ON, L6V 2N2



Bhupinder Singh Seera (647) 833-6960
Ravinder Pal Singh Sond (647) 403-6767
Gurucharan Singh (Dubai) (416) 845-1019
Mohinder Singh Kundi (647) 294-1669
Harpal Singh Matharu (416) 579 3817
Jaswinder Singh Bhachu (416) 728 2776
Baldev Singh Mankoo (647) 2089729
Karnail Singh Marwaha (416) 567 5159

Daljit S. Gaidhu, Chairman, 416-305-9878
Jasbir S. Sehmbi, Vice Chairman, 437-774-1410
Manjit S. Bhachu, President, 416-275-2374
Jarnail S. Matharu, Treasurer, 416-409-6207
Hardial S. Jheeta, General Secretary, 647-409-8915

Address: 7956 Torbram Road #40, Bldg-B, Brampton, ON, L6T 5A2, Canada

# ਜਥੇਦਾਰ ਜਗਤਾਰ ਸਿੰਘ ਜੀ ਹਵਾਰਾ ਦੇ ਸੰਦੇਸ਼ ਉਪਰ ਲਗੇ ਕੌਮੀ ਇਨਸਾਫ ਮੋਰਚੇ ਤੋਂ ਵਿਦੇਸ਼ਾਂ ਵਿਚ ਵਸਦੇ ਸਿੱਖ ਵੀ ਹੋਏ ਸਰਗਰਮ

* ਕੌਮੀ ਇਨਸਾਫ ਮੋਰਚਾ ਚੰਡੀਗੜ੍ਹ ਦੀ ਗੂੰਜ ਵ੍ਹਾਈਟ ਹਾਊਸ (ਅਮਰੀਕਾ) ਤੱਕ ਪਹੁੰਚੀ



ਵਾਸ਼ਿੰਗਟਨ, 16 ਜਨਵਰੀ (ਪੋਸਟ ਬਿਊਰੋ)- ਅਮਰੀਕਾ ਦੀ ਰਾਜਧਾਨੀ ਵਾਸ਼ਿੰਗਟਨ ਡੀ ਸੀ ਵਿਚ ਅਮਰੀਕੀ ਪ੍ਰੈਜ਼ੀਡੈਂਟ ਦੇ ਟਿਕਾਣੇ ਵ੍ਹਾਈਟ ਹਾਊਸ ਅਗੇ ਅਮਰੀਕੀ ਸਿਖਾਂ ਨੇ ਪੰਜਾਬ ਵਿਚ ਗੁਰੂ ਗਰੰਥ ਸਾਹਿਬ ਬੇਅਦਬੀ, ਬੰਦੀ ਸਿੰਘਾਂ ਦੀ ਰਿਹਾਈ ਸੰਬੰਧੀ ਚੱਲ ਰਹੇ ਕੌਮੀ ਇਨਸਾਫ ਮੋਰਚੇ ਦੇ ਹੱਕ ਵਿਚ ਜ਼ੋਰਦਾਰ ਪ੍ਰਚਾਰ ਅਤੇ ਰੋਸ ਮੁਜਾਹਰਾ ਕੀਤਾ ਗਿਆ। ਦੱਸਣਯੋਗ ਹੈ ਕੇ ਵੱਡੀ ਗਿਣਤੀ ਵਿਚ ਦੁਨੀਆ ਭਰ ਦੇ ਸੈਲਾਨੀ ਵਾਸ਼ਿੰਗਟਨ ਡੀ ਸੀ ਸੈਰ ਸਪਾਟੇ ਲਈ ਆਉਂਦੇ ਹਨ ਤੇ ਐਤਵਾਰ ਦਾ ਦਿਨ ਹੋਣ ਕਰਕੇ ਅੱਜ ਵ੍ਹਾਈਟ ਹਾਊਸ ਅੱਗੇ ਵੱਡੀ ਗਿਣਤੀ ਵਿਚ ਲੋਕ ਹਾਜਰ ਸਨ, ਜਿਨ੍ਹਾਂ ਨੂੰ ਕੇ ਬੰਦੀ ਸਿੰਘਾਂ ਸੰਬੰਧੀ ਵਿਸਥਾਰ ਨਾਲ ਜਾਣਕਾਰੀ ਅਤੇ ਪੰਜਾਬ ਤੇ ਭਾਰਤ ਵਿਚ ਸਿੱਖ ਕੌਮ ਨਾਲ ਹੋ ਰਹੇ ਨਾਇਨਸਾਫੀ ਪ੍ਰਤੀ ਘੰਟਿਆਂ ਬੱਧੀ ਪੈਂਫਲੇਟ ਵੰਡੇ ਗਏ ਅਤੇ ਜਾਣਕਾਰੀ ਦਿਤੀ ਗਈ।

ਮੁਜਾਹਰੇ ਵਿਚ ਬੰਦੀ ਸਿੰਘਾਂ ਦੇ ਵੱਡ ਆਕਾਰੀ ਪੋਸਟਰ ਵੀ ਲਗਾਏ ਹੋਏ ਸਨ। ਓਥੇ ਮੌਜੂਦ ਸੈਲਾਨੀਆਂ ਅਤੇ ਹੋਰ ਲੋਕਾਂ ਨੇ ਬੰਦੀ ਸਿੰਘਾਂ ਦੇ ਪੋਸਟਰਾਂ ਦੀਆਂ ਫੋਟੋਆਂ ਖਿੱਚੀਆਂ ਅਤੇ ਉਤਸੁਕਤਾ ਨਾਲ ਸਾਰੀ ਜਾਣਕਾਰੀ ਹਾਸਲ ਕੀਤੀ ਅਤੇ ਵਿਦੇਸ਼ੀ ਲੋਕ ਮੂੰਹ ਚ ਉਂਗਲਾਂ ਪਾ ਕੇ ਦੰਗ ਰਹਿ ਗਏ ਕੇ ਆਪਣੇ ਆਪ ਨੂੰ ਡੈਮੋਕਰੇਸੀ ਕਹਾਉਣ ਵਾਲੇ ਭਾਰਤ ਵਿਚ ਸਿਖਾਂ ਨਾਲ ਏਨੇ ਲੰਮੇ ਸਮੇ ਤੋਂ ਧੱਕਾ ਹੋ ਰਿਹਾ ਹੈ ਅਤੇ ਉਮਰ ਕੈਦ ਦੀ ਸਜਾ ਪੂਰੀ ਹੋਣ ਤੋਂ ਬਾਦ ਜਿਥੇ ਹੋਰ ਸਾਰੇ ਕੈਦੀਆਂ ਨੂੰ ਛੱਡ ਦਿੱਤਾ ਜਾਂਦਾ ਹੈ ਓਥੇ ਹੀ ਸਿੱਖ ਸਿਆਸੀ ਕੈਦੀਆਂ ਨੂੰ ਗੈਰ ਕਾਨੂੰਨੀ ਢੰਗ ਨਾਲ ਦੂਜੇ ਦਰਜੇ ਦੇ ਸ਼ਹਿਰੀ ਸਮਝ ਕੇ ਸਜਾ ਪੂਰੀ ਹੋਣ ਤੋਂ ਬਾਦ ਵੀ ਜੇਲਾਂ ਵਿਚ ਡੱਕਿਆ ਹੋਇਆ ਹੈ। ਅੱਜ ਯੂਕਰੇਨ ਦੇ ਲੋਕ ਵੀ ਓਥੇ ਰੂਸ ਦੇ ਖ਼ਿਲਾਫ਼ ਮੁਜਾਹਰਾ ਕਰ ਰਹੇ ਸਨ ਅਤੇ ਓਹਨਾ ਨੇ ਸਿੱਖ ਸਿਆਸੀ ਕੈਦੀਆਂ ਤੇ ਇਨਸਾਫ ਮੋਰਚੇ ਦੇ ਹੱਕ ਵਿਚ ਮੁਜਾਹਰਾ ਕਰ ਰਹੇ ਸਿਖਾਂ ਦਾ ਸਾਥ ਦਿੱਤਾ ਅਤੇ ਸਿਖਾਂ ਨੇ ਵੀ ਰੂਸ ਖਿਲਾਫ ਯੂਕਰੇਨ ਦੇ ਲੋਕਾਂ ਦੇ ਹੱਕ ਵਿਚ ਹਾਅ ਦਾ ਨਾਹਰਾ ਮਾਰਿਆ, ਕਿਉਂਕੇ ਦਰਬਾਰ ਸਾਹਿਬ ਤੇ ਹਮਲੇ ਸਮੇ ਰੂਸ ਨੇ ਭਾਰਤ ਦੀ ਸਰਕਾਰ ਦਾ ਸਾਥ ਦਿੱਤਾ ਸੀ।



ਜਥੇਦਾਰ ਭਾਈ ਜਗਤਾਰ ਸਿੰਘ ਜੀ ਹਵਾਰਾ ਵਲੋਂ ਦਿਤੇ ਗਏ ਸੰਦੇਸ਼ ਦੇ ਤਹਿਤ ਜਿਥੇ 7 ਜਨਵਰੀ ਤੋਂ ਕੌਮੀ ਇਨਸਾਫ ਮੋਰਚਾ ਸ਼ੁਰੂ ਹੋਇਆ ਤੇ ਦੁਨੀਆ ਭਰ ਦੇ ਸਿਖਾਂ ਨੂੰ ਵੀ ਗੁਰੂ ਗਰੰਥ ਸਾਹਿਬ ਦੀ ਬੇਅਦਬੀ ਦੇ ਇਨਸਾਫ, ਬਹਿਬਲ ਕਲਾਂ ਤੇ ਬਰਗਾੜੀ ਦੇ ਇਨਸਾਫ ਅਤੇ ਬੰਦੀ ਸਿੰਘਾਂ ਦੀ ਰਿਹਾਈ ਦੇ ਇਨਸਾਫ ਲਈ ਦੁਨੀਆ ਭਰ ਦੇ ਸਿਖਾਂ ਨੂੰ ਆਪਣਾ ਬਣਦਾ ਹਰ ਯੋਗਦਾਨ ਪਾਉਣ ਦੇ ਸੰਦੇਸ਼ ਨੂੰ ਮੁਖ ਰੱਖਦਿਆਂ ਇਹ ਮੁਜਾਹਰਾ ਕੀਤਾ ਗਿਆ। ਵਰਲਡ ਸਿੱਖ ਪਾਰਲੀਮੈਂਟ ਦੇ ਕੋਆਰਡੀਨੇਟਰ ਹਿੰਮਤ ਸਿੰਘ ਨੇ ਕਿਹਾ ਕੇ ਇਹ ਸੰਘਰਸ਼ ਓਦੋਂ ਤਕ ਜਾਰੀ ਰਹੇਗਾ ਜਦੋਂ ਤਕ ਗੁਰੂ ਗਰੰਥ ਸਾਹਿਬ ਦੀ ਬੇਅਦਬੀ ਦਾ ਇਨਸਾਫ, ਬਹਿਬਲ ਕਲਾਂ ਤੇ ਬਰਗਾੜੀ ਦੇ ਦੋਸ਼ੀਆਂ ਖਿਲਾਫ ਕਾਰਵਾਈ ਅਤੇ ਸਾਰੇ ਬੰਦੀ ਸਿੰਘਾਂ ਦੀ ਰਿਹਾਈ ਨਹੀਂ ਹੋ ਜਾਂਦੀ ਤੇ ਇਹ ਮੁਹਿੰਮ ਆਉਣ ਵਾਲੇ ਦੀਨਾ ਵਿਚ ਦੁਨੀਆ ਭਰ ਵਿਚ ਹੋਰ ਵੀ ਤੇਜ ਹੋਵੇਗੀ। ਅੱਜ ਦੇ ਇਸ ਮੁਜਾਹਰੇ ਵਿਚ ਹੋਰ ਸਿੱਖ ਸੰਗਤਾਂ ਤੋਂ ਇਲਾਵਾ ਭਾਈ ਹਿੰਮਤ ਸਿੰਘ, ਗੁਰਨਿੰਦਰ ਸਿੰਘ ਧਾਲੀਵਾਲ, ਬਲਵਿੰਦਰ ਸਿੰਘ ਚੱਠਾ, ਨਰਿੰਦਰ ਸਿੰਘ, ਹਰਮਿੰਦਰ ਸਿੰਘ, ਬਲਜੀਤ ਸਿੰਘ, ਅਮਰਜੀਤ ਸਿੰਘ ਚੱਠਾ, ਊਧਮ ਸਿੰਘ ਆਦਿ ਹਾਜਰ ਸਨ।

# ਮਹਾਰਾਜਾ ਦਲੀਪ ਸਿੰਘ ਯਾਦਗਾਰੀ ਰਾਏਕੋਟ- ਬੱਸੀਆਂ ਕੋਠੀ ਨੂੰ ਸੈਰ ਸਪਾਟਾ ਨਕਸ਼ੇ ਵਿੱਚ ਸ਼ਾਮਿਲ ਕਰਨ ਲਈ ਪ੍ਰੋ. ਗੁਰਭਜਨ ਸਿੰਘ ਗਿੱਲ ਵੱਲੋਂ ਪੰਜਾਬ ਸਰਕਾਰ ਨੂੰ ਮਸ਼ਵਰਾ

ਚੰਡੀਗੜ੍ਹ, 16 ਜਨਵਰੀ (ਗੁਰਭਿੰਦਰ ਗੁਰੀ)- ਬੀਤੀ ਸ਼ਾਮ ਲੁਧਿਆਣਾ ਸਥਿਤ ਇਸ਼ਮੀਤ ਸੰਗੀਤ ਅਕਾਡਮੀ ਦੇ ਸਮਾਗਮ ਵਿੱਚ ਸ਼ਾਮਿਲ ਹੋਣ ਆਈ ਪੰਜਾਬ ਦੀ ਕਿਰਤ, ਰੁਜ਼ਗਾਰ, ਸਭਿਆਚਾਰਕ ਮਾਮਲੇ ਤੇ ਸੈਰ ਸਪਾਟਾ ਵਿਭਾਗ ਦੀ ਕੈਬਨਿਟ ਮੰਤਰੀ ਬੀਬਾ ਅਨਮੋਲ ਗਗਨ ਮਾਨ ਨੂੰ ਮਸ਼ਵਰਾ ਦਿੰਦਿਆਂ ਮਹਾਰਾਜਾ ਦਲੀਪ ਸਿੰਘ ਮੈਮੋਰੀਅਲ ਫੌਂਡੇਸ਼ਨ ਦੇ ਚੇਅਰਮੈਨ ਪ੍ਰੋ: ਗੁਰਭਜਨ ਸਿੰਘ ਗਿੱਲ ਨੇ ਕਿਹਾ ਹੈ ਕਿ ਸਿੱਖ ਰਾਜ ਦੇ ਪ੍ਰਭੂ ਸੱਤਾ ਸੰਪੰਨ ਆਖ਼ਰੀ ਮਹਾਰਾਜਾ ਦਲੀਪ ਸਿੰਘ ਜੀ ਵੱਲੋਂ ਜਲਾਵਤਨੀ ਵੇਲੇ ਜਿਸ ਨਹਿਰੀ ਬੱਸੀਆਂ ਕੋਠੀ ਵਿੱਚ ਆਖ਼ਰੀ ਰਾਤ ਕੱਟੀ ਸੀ ਉਥੇ ਪੰਜਾਬ ਸਰਕਾਰ ਦੇ ਸੱਭਿਆਚਾਰਕ ਮਾਮਲੇ ਵਿਭਾਗ ਵੱਲੋਂ 2014 ਵਿੱਚ ਲਗਪਗ ਛੇ ਕਰੋੜ ਰੁਪਏ ਦੀ ਲਾਗਤ ਨਾਲ ਯਾਦਗਾਰ ਉਸਾਰੀ ਗਈ ਹੈ ਪਰ ਇਸ ਨੂੰ ਅਜੇ ਤੀਕ ਸੈਰ ਸਪਾਟਾ ਕੇਂਦਰ ਵਜੋਂ ਨੋਟੀਫਾਈ ਨਹੀਂ ਕੀਤਾ ਗਿਆ ਜਿਸ ਕਾਰਨ ਆਮ ਲੋਕਾਂ ਇਸ ਬਾਰੇ ਬਹੁਤੀ ਚੇਤਨਾ ਨਹੀਂ ਹੈ। ਬਾਰਾਂ ਏਕੜ ਵਿੱਚ ਬਣੀ ਇਸ ਰਮਣੀਕ ਕੋਠੀ ਨੂੰ ਸੈਰ ਸਪਾਟਾ ਕੇਂਦਰ ਵਜੋਂ ਵਿਕਸਤ ਕਰਨ ਨਾਲ ਜਿੱਥੇ ਬਦੇਸ਼ਾਂ ਚ ਵੱਸਦੇ ਪੰਜਾਬੀਆਂ ਤੇ ਪੰਜਾਬ ਵਾਸੀਆਂ ਨੂੰ ਇਤਿਹਾਸ ਦੀਆਂ ਖਿੜਕੀਆਂ ਵਿੱਚੋਂ ਲੰਘਣ ਦਾ ਮੌਕਾ ਮਿਲੇਗਾ ਉਥੇ ਰਾਏਕੋਟ (ਲੁਧਿਆਣਾ) ਵੀ ਸੈਰ ਸਪਾਟਾ ਕੇਂਦਰ ਵਜੋਂ ਕੌਮੀ ਨਕਸ਼ੇ ਤੇ ਆ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਹਲਕੇ ਦੇ ਵੱਡੇ ਆਗੂ ਜਥੇਦਾਰ ਜਗਦੇਵ ਸਿੰਘ ਤਲਵੰਡੀ ਜੀ ਦੀ ਯਾਦ ਵਿੱਚ ਪੰਜਾਬ ਸਰਕਾਰ ਵੱਲੋਂ ਪੰਜਾਬ ਟੈਕਨੀਕਲ ਯੂਨੀਵਰਸਿਟੀ ਦਾ ਖੇਤਰੀ ਕੇਂਦਰ(ਪਾਲੀਟੈਕਨਿਕ) ਤੇ ਕਿੱਤਾ ਸਿਖਲਾਈ ਕੇਂਦਰ ਵੀ ਉਸਾਰੀ ਅਧੀਨ ਸੀ ਜਿਸਨੂੰ ਪਿਛਲੀ ਸਰਕਾਰ ਮੌਕੇ ਰੋਕ ਦਿੱਤਾ ਗਿਆ, ਇਸ ਕੇਂਦਰ ਦੀ ਮੁੜ ਉਸਾਰੀ ਕਰਕੇ ਰੁਜ਼ਗਾਰ ਯੋਗ ਕਿੱਤਾ ਅਗਵਾਈ ਦੇਣ ਦੀ ਲੋੜ ਹੈ। ਦਸਮੇਸ਼ ਪਿਤਾ ਸਾਹਿਬ ਸ੍ਰੀ ਗੋਬਿੰਦ ਸਿੰਘ ਜੀ ਦੇ ਵਿਸ਼ਵਾਸ ਪਾਤਰ ਰਾਏਕੋਟ ਦੇ ਨਵਾਬ ਰਾਏ ਕੱਲ੍ਹਾ ਜੀ ਦੀ ਯਾਦ ਵਿੱਚ ਜੇ ਸਾਲਾਨਾ ਲੋਕ ਵਿਰਾਸਤ ਉਤਸਵ ਇਥੇ ਉਲੀਕਿਆ ਜਾਵੇ ਤਾਂ ਸਾਡੀ ਫਾਉਂਡੇਸ਼ਨ ਪੂਰਨ ਸਹਿਯੋਗ ਦੇਵੇਗੀ।



ਰਾਏਕੋਟ ਹਲਕੇ ਦੇ ਵਿਧਾਇਕ ਸ: ਹਾਕਮ ਸਿੰਘ ਠੇਕੇਦਾਰ ਨੇ ਇਸ ਮੌਕੇ ਕਿਹਾ ਕਿ ਮੰਤਰੀ ਸਾਹਿਬਾ ਨੂੰ ਉਹ ਚੰਡੀਗੜ੍ਹ ਜਾ ਕੇ ਇਸ ਯਾਦਗਾਰੀ ਕੋਠੀ ਦਾ ਦੌਰਾ ਕਰਨ ਦੀ ਬੇਨਤੀ ਕਰ ਚੁਕੇ ਹਨ ਤਾਂ ਜੋ ਇਸ ਕੇਂਦਰ ਦਾ ਜਾਇਜ਼ਾ ਲੈ ਕੇ ਇਥੇ ਸਭਿਆਚਾਰਕ ਸਰਗਰਮੀਆਂ ਦਾ ਵੀ ਵਾਧਾ ਕੀਤਾ ਜਾ ਸਕੇ। ਸ: ਹਾਕਮ ਸਿੰਘ ਠੇਕੇਦਾਰ ਨੇ ਮੰਤਰੀ ਸਾਹਿਬਾ ਨੂੰ ਨੇੜ ਭਵਿੱਖ ਵਿੱਚ ਰਾਏਕੋਟ ਆਉਣ ਦਾ ਸੱਦਾ ਦਿੱਤਾ।

ਬੀਬਾ ਅਨਮੋਲ ਗਗਨ ਮਾਨ ਨੇ ਕਿਹਾ ਕਿ ਉਹ ਰਾਏਕੋਟ ਬੱਸੀਆਂ ਸਥਿਤ ਇਸ ਮਹੀਰਾਜਾ ਦਲੀਪ ਸਿੰਘ ਯਾਦਗਾਰੀ ਕੋਠੀ ਦੇ ਵਿਕਾਸ ਦਾ ਪੂਰਾ ਜਾਇਜ਼ਾ ਲੈਣਗੇ ਅਤੇ ਵਿਭਾਗ ਵੱਲੋਂ ਆਦੇਸ਼ ਜਾਰੀ ਕਰਨਗੇ ਤਾਂ ਜੋ ਇਸ ਸਭਿਆਚਾਰਕ ਮਹੱਤਵ ਵਾਲੀ ਕੋਠੀ ਨੂੰ ਕੌਮੀ ਤੇ ਕੌਮਾਂਤਰੀ ਨਕਸ਼ੇ ਤੇ ਲਿਆਂਦਾ ਜਾ ਸਕੇ।

# ਗੁਜਰਾਤ ਦੇ ਤੱਟ ’ਤੇ ਮੱਛੀਆਂ ਫੜ੍ਹਨ ਵਾਲੀ ਕਿਸ਼ਤੀ ਨੂੰ ਲੱਗੀ ਅੱਗ, ਤੱਟ ਰੱਖਿਅਕਾਂ ਨੇ ਸਵਾਰ ਸੱਤ ਲੋਕਾਂ ਨੂੰ ਬਚਾਇਆ

ਅਹਿਮਦਾਬਾਦ, 16 ਜਨਵਰੀ (ਪੋਸਟ ਬਿਊਰੋ) - ਗੁਜਰਾਤ ਤੱਟ ਦੇ ਨੇੜੇ ਅਰਬ ਸਾਗਰ ਵਿੱਚ ਇੱਕ ਮੱਛੀ ਫੜ੍ਹਨ ਵਾਲੀ ਕਿਸ਼ਤੀ ਵਿਚ ਅੱਗ ਲੱਗਣ ਤੋਂ ਬਾਅਦ ਤੇਜ਼ੀ ਨਾਲ ਕਾਰਵਾਈ ਕਰਦੇ ਹੋਏ, ਭਾਰਤੀ ਤੱਟ ਰੱਖਿਅਕ ਨੇ ਸੋਮਵਾਰ ਨੂੰ ਸਵਾਰ ਸਾਰੇ ਸੱਤ ਲੋਕਾਂ ਨੂੰ ਬਚਾ ਲਿਆ। ਤੱਟ ਰੱਖਿਅਕ ਨੇ ਇੱਥੇ ਜਾਰੀ ਬਿਆਨ ਵਿੱਚ ਕਿਹਾ ਕਿ ਪੋਰਬੰਦਰ ਸਥਿਤ ਬਲ ਦੇ ਸਮੁੰਦਰੀ ਬਚਾਅ ਸਬ ਸੈਂਟਰ ਨੂੰ ਤੱਟ ਤੋਂ 50 ਕਿਲੋਮੀਟਰ ਦੂਰ 'ਜੈ ਭੋਲੇ' ਨਾਮ ਦੀ ਕਿਸ਼ਤੀ ਵਿੱਚ ਅੱਗ ਲੱਗਣ ਬਾਰੇ ਸਵੇਰੇ 9:45 ਵਜੇ ਐਮਰਜੈਂਸੀ ਕਾਲ ਮਿਲੀ। ਫੋਰਸ ਨੇ ਕਿਹਾ ਕਿ ਖੋਜ ਜਹਾਜ਼ਾਂ ਸੀ-161 ਅਤੇ ਸੀ-156 ਨੂੰ ਤੁਰੰਤ ਮੌਕੇ 'ਤੇ ਰਵਾਨਾ ਕੀਤਾ ਗਿਆ ਅਤੇ ਬਚਾਅ ਕਾਰਜਾਂ ਲਈ ਤੱਟ ਰੱਖਿਅਕ ਦੇ ਪੋਰਬੰਦਰ ਹਵਾਈ ਅੱਡੇ ਤੋਂ ਐਡਵਾਂਸ ਲਾਈਟ ਹੈਲੀਕਾਪਟਰ (ਏਐੱਲਐੱਚ) ਨੂੰ ਰਵਾਨਾ ਕੀਤਾ ਗਿਆ।

ਬਿਆਨ ਵਿਚ ਕਿਹਾ ਗਿਆ ਹੈ ਕਿ ਤੱਟ ਰੱਖਿਅਕ ਟੀਮ, ਜੋ ਕਿ ਸਵੇਰੇ 10:20 ਵਜੇ ਦੇ ਕਰੀਬ ਮੌਕੇ 'ਤੇ ਪਹੁੰਚੀ, ਨੇ ਦੇਖਿਆ ਕਿ ਚਾਲਕ ਦਲ ਦੇ ਮੈਂਬਰਾਂ ਨੇ ਅੱਗ ਬੁਝਾਉਣ ਵਿਚ ਅਸਫਲ ਰਹਿਣ ਤੋਂ ਬਾਅਦ ਕਿਸ਼ਤੀ ਨੂੰ ਛੱਡ ਦਿੱਤਾ ਸੀ। ਜਹਾਜ਼ ਵਿੱਚ ਸਵਾਰ ਸੱਤ ਲੋਕਾਂ ਵਿੱਚੋਂ, ਦੋ ਨੂੰ ਇੱਕ ਡੰਗੀ ਨੇ ਬਚਾ ਲਿਆ, ਜੋ ਨੇੜੇ ਹੀ ਸੀ, ਜਦੋਂ ਕਿ ਪੰਜ ਹੋਰ ਲਾਪਤਾ ਸਨ।"

ਇਸ ਵਿੱਚ ਕਿਹਾ ਗਿਆ ਹੈ, "ਇਸ ਤੋਂ ਬਾਅਦ, ਸਮੁੰਦਰ ਅਤੇ ਹਵਾ ਵਿੱਚ ਲਗਭਗ ਦੋ ਘੰਟੇ ਤੱਕ ਇੱਕ ਤਾਲਮੇਲ ਮੁਹਿੰਮ ਚਲਾਈ ਗਈ, ਪੰਜ ਲਾਪਤਾ ਚਾਲਕ ਦਲ ਦੇ ਮੈਂਬਰਾਂ ਦੀ ਭਾਲ ਕੀਤੀ ਗਈ ਅਤੇ ਹੈਲੀਕਾਪਟਰ ਰਾਹੀਂ ਸਮੁੰਦਰੀ ਕਿਨਾਰੇ ਲਿਆਂਦਾ ਗਿਆ।"

ਰੀਲੀਜ਼ ਵਿਚ ਕਿਹਾ ਗਿਆ ਹੈ ਕਿ ਬਚਾਏ ਗਏ ਪੰਜ ਲੋਕਾਂ ਨੂੰ ਦੁਪਹਿਰ 1 ਵਜੇ ਦੇ ਕਰੀਬ ਪੋਰਬੰਦਰ ਹਵਾਈ ਅੱਡੇ 'ਤੇ ਲਿਆਂਦਾ ਗਿਆ, ਜਦੋਂ ਕਿ ਡਿੰਗੀ ਤੋਂ ਬਚਾਏ ਗਏ ਦੋ ਵਿਅਕਤੀਆਂ ਵਿਚੋਂ ਇਕ ਗੰਭੀਰ ਰੂਪ ਵਿਚ ਜ਼ਖਮੀ ਸੀ। ਫੋਰਸ ਨੇ ਕਿਹਾ, "ਜ਼ਖਮੀ ਨੂੰ ਸੀ-161 'ਤੇ ਲਿਜ-ਾਇਆ ਗਿਆ ਅਤੇ ਤੱਟ ਰੱਖਿਅਕ ਟੀਮ ਦੁਆਰਾ ਸਮੁੰਦਰ 'ਤੇ ਮੁਢਲੀ ਸਹਾਇਤਾ ਤੋਂ ਬਾਅਦ ਪੋਰਬੰਦਰ ਲਿਆਂਦਾ ਗਿਆ।"

## ਪੰਜਾਬੀ ਪੋਸਟ CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## Matrimonial
ਰਿਸ਼ਤੇ ਹੀ ਰਿਸ਼ਤੇ

Starting at just $10
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ
ਕਾਲ ਕਰੋ: 905-793-2202

### ਲੜਕੀ ਦੀ ਲੋੜ

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ।ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ ’ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5’11’’ ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ।ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ।ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5’9’’, ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਸਰਾ ਪਰਿਵਾਰ ਦਾ ਲੜਕਾ, ਉਮਰ 33 ਸਾਲ, ਕੱਦ 5 ਫੁੱਟ 10 ਇੰਚ, ਬੀਬੀਏ ਕੀਤੀ ਹੋਈ ਹੈ, ਵਰਤਮਾਨ ਵਿਚ ਭਾਰਤ ਵਿਚ ਬਿਜ਼ਨਸ ਕਰ ਰਿਹਾ ਹੈ ਤੇ ਭਵਿੱਖ ਵਿਚ ਕੈਨੇਡਾ ਵਿਚ ਟਰਾਂਸਪੋਰਟੇਸ਼ਨ ਦਾ ਬਿਜ਼ਨਸ ਖੋਲ੍ਹਣ ਜਾ ਰਿਹਾ ਹੈ, ਲਈ ਸੁੰਦਰ ਸੁਸ਼ੀਲ ਲੜਕੀ ਦੀ ਲੋੜ ਹੈ। ਸੰਪਰਕ: 437-332-8422,
ਈ ਮੇਲ puneetasra17october@gmail.com

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5’11’’, B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5’’8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

### ਲੜਕੇ ਦੀ ਲੋੜ

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5’4’’ tall, has a bachelor’s degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7'', ਭਾਰਤ ਤੋਂ M.Com ਅਤੇ ਕੈਨੇਡਾ ਤੋ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5’11’’ ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

Seeking a suitable match for Canadian citizen Ramdasia Sikh (GNM). Born August 1987 and height 5’1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5’2’’ ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂMBA ਅਤੇ ਕੈਨੇਡਾ ਤੋਂMarketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ ’ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com







### ਕੇਅਰ ਗਿਵਰ ਦੀ ਲੋੜ

ਬਜ਼ੁਰਗ ਔਰਤ ਨੂੰ ਸੰਭਾਲਣ ਲਈ ਕੇਅਰ ਗਿਵਰ ਦੀ ਲੋੜ ਹੈ। ਵਧੀਆ ਤਨਖਾਹ ਦਿੱਤੀ ਜਾਵੇਗੀ। **‘PR’** ਲਈ ਮੱਦਦ ਕੀਤੀ ਜਾਵੇਗੀ। Location ‘Winnipeg, MB’ ਜ਼ਿਆਦਾ ਜਾਣਕਾਰੀ ਲਈ ਸੰਪਰਕ ਕਰੋ:



**204-333-9000, 416-818-3777**







### ਫੀਮੇਲ ਹਾਊਸਕੀਪਰ ਦੀ ਲੋੜ

ਮਾਰਖਮ ਹਾਊਸ, ਜਿਸ ਵਿਚ ਕ੍ਰਿਸ਼ਨਾ ਮੰਦਰ ਹੈ, ਲਈ ਫੁਲ ਟਾਈਮ ਲਿਵ ਇਨ ਫੀਮੇਲ ਹਾਊਸਕੀਪਰ ਦੀ ਲੋੜ ਹੈ। ਘਰ ਪੂਰੀ ਤਰ੍ਹਾਂ ਸ਼ਾਕਾਹਾਰੀ ਹੈ, ਇੱਥੋਂ ਤੱਕ ਕਿ ਪਿਆਜ ਅਤੇ ਲਹਿਸਣ ਦੀ ਵਰਤੋਂ ਦੀ ਵੀ ਆਗਿਆ ਨਹੀਂ ਹੈ। ਕੰਮ ਦੇ ਵਿਚ ਖਾਣਾ ਬਣਾਉਣਾ, ਸਾਫ-ਸਫਾਈ ਅਤੇ ਸਾਰੇ ਘਰ ਦੀ ਵਧੀਆ ਤਰੀਕੇ ਨਾਲ ਸੰਭਾਲ ਕਰਨੀ ਸ਼ਾਮਲ ਹਨ। ਹਾਊਸਕੀਪਰ ਨੂੰ ਘਰ ਦੇ ਮੈਂਬਰ ਵਾਂਗ ਰੱਖਿਆ ਜਾਵੇਗਾ। ਚਾਹਵਾਨ ਕ੍ਰਿਪਾ ਕਰਕੇ vbsharma@vbsharma.ca ਉਤੇ ਅਪਲਾਈ ਕਰਨ। ਫੋਨ ਨੰਬਰ 416-292-4431 ext. 224 ਉਤੇ 3 ਵਜੇ ਤੋਂ ਬਾਅਦ ਸੰਪਰਕ ਕਰ ਸਕਦੇ ਹਨ।

# ਪੰਜਾਬ ਪੁਲਿਸ ਨੇ ਇੱਕ ਹਫਤੇ ਵਿੱਚ 41.26 ਕਿਲੋ ਹੈਰੋਇਨ, 13.55 ਕਿਲੋ ਅਫੀਮ, 53.25 ਕਿਲੋ ਗਾਂਜਾ, 20.48 ਲੱਖ ਰੁਪਏ ਦੀ ਡਰੱਗ ਮਨੀ ਸਮੇਤ 258 ਨਸ਼ਾ ਤਸਕਰ ਕਾਬੂ

*** ਮੁੱਖ ਮੰਤਰੀ ਭਗਵੰਤ ਮਾਨ ਦੇ ਦਿਸ਼ਾ-ਨਿਰਦੇਸਾਂ ‘ਤੇ ਪੰਜਾਬ ਪੁਲਿਸ ਸੂਬੇ ‘ਚੋਂ ਨਸ਼ਿਆਂ ਦੀ ਲਾਹਣਤ ਨੂੰ ਜੜ੍ਹੋਂ ਖਤਮ ਕਰਨ ਲਈ ਵਚਨਬੱਧ * ਐਨਡੀਪੀਐਸ ਐਕਟ ਦੇ ਕੇਸਾਂ ਵਿੱਚ ਪੀਓਜ਼/ਭਗੌੜਿਆਂ ਨੂੰ ਗ੍ਰਿਫ਼ਤਾਰ ਕਰਨ ਸਬੰਧੀ ਮੁਹਿੰਮ ਤਹਿਤ ਗ੍ਰਿਫ਼ਤਾਰੀਆਂ ਦੀ ਗਿਣਤੀ 623 ਤੱਕ ਪਹੁੰਚੀ**

ਚੰਡੀਗੜ੍ਹ, 16 ਜਨਵਰੀ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਮਾਨ ਦੇ ਦਿਸ਼ਾ-ਨਿਰਦੇਸ਼ਾਂ ‘ਤੇ ਨਸ਼ਿਆਂ ਵਿਰੁੱਧ ਚੱਲ ਰਹੀ ਫੈਸਲਾਕੁੰਨ ਜੰਗ ਦੌਰਾਨ, ਪੰਜਾਬ ਪੁਲਿਸ ਨੇ ਪਿਛਲੇ ਹਫ਼ਤੇ ਸੂਬੇ ਭਰ ’ਚ ਐਨ.ਡੀ.ਪੀ.ਐਸ. ਐਕਟ ਤਹਿਤ 194 ਐਫਆਈਆਰ ਦਰਜ ਕਰਕੇ, ਜਿਸ ਵਿੱਚ 31 ਵਪਾਰਕ ਮਾਮਲੇ ਹਨ, 258 ਨਸ਼ਾ ਤਸਕਰਾਂ/ਸਪਲਾਇਰਾਂ ਨੂੰ ਗ੍ਰਿਫ਼ਤਾਰ ਕੀਤਾ ਹੈ।



ਇੰਸਪੈਕਟਰ ਜਨਰਲ ਆਫ਼ ਪੁਲਿਸ (ਹੈਡਕੁਆਰਟਰ) ਸੁਖਚੈਨ ਸਿੰਘ ਗਿੱਲ ਨੇ ਅੱਜ ਇੱਥੇ ਆਪਣੀ ਹਫ਼ਤਾਵਾਰੀ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਪੁਲਿਸ ਨੇ ਦੋਸ਼ੀਆਂ ਕੋਲੋਂ 41.26 ਕਿਲੋ ਹੈਰੋਇਨ, 13.55 ਕਿਲੋ ਅਫੀਮ, 53.25 ਕਿਲੋ ਗਾਂਜਾ, 4.81 ਕੁਇੰਟਲ ਭੁੱਕੀ ਅਤੇ 5.28 ਲੱਖ ਫਾਰਮਾ ਓਪੀਓਡਜ਼ ਦੀਆਂ ਗੋਲੀਆਂ/ਕੈਪਸੂਲ/ਟੀਕੇ/ਸ਼ੀਸ਼ੀਆਂ ਤੋਂ ਇਲਾਵਾ 20.48 ਲੱਖ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਹੈ।

ਉਹਨਾਂ ਦੱਸਿਆ ਕਿ 5 ਜੁਲਾਈ, 2022 ਨੂੰ ਭਗੌੜਿਆਂ ਨੂੰ ਗ੍ਰਿਫ਼ਤਾਰ ਕਰਨ ਲਈ ਚਲਾਈ ਵਿਸ਼ੇਸ਼ ਮੁਹਿੰਮ ਦੇ ਚਲਦਿਆਂ ਪਿਛਲੇ ਹਫ਼ਤੇ ਦੌਰਾਨ ਐਨਡੀਪੀਐਸ ਕੇਸਾਂ ਵਿੱਚ 15 ਹੋਰ ਭਗੌੜੇ ਦੋਸ਼ੀਆਂ ਨੂੰ ਗ੍ਰਿਫ਼ਤਾਰ ਕੀਤੇ ਜਾਣ ਨਾਲ ਗ੍ਰਿਫ਼ਤਾਰੀਆਂ ਦੀ ਕੁੱਲ ਗਿਣਤੀ 623 ਹੋ ਗਈ ਹੈ।

ਆਈਜੀਪੀ ਨੇ ਦੱਸਿਆ ਕਿ ਪੰਜਾਬ ਪੁਲਿਸ ਨੇ ਚਾਈਨਾ ਡੋਰ ਵੇਚਣ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਹੈ ਅਤੇ 176 ਐਫਆਈਆਰਜ਼ ਦਰਜ ਕਰਕੇ ਚੀਨੀ ਡੋਰ ਦੇ 10269 ਬੰਡਲ ਬਰਾਮਦ ਕੀਤੇ ਹਨ ਅਤੇ ਇਸ ਡੋਰ ਨੂੰ ਵੇਚਣ ਵਿੱਚ ਸ਼ਾਮਲ 188 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੇ ਨਿਰਦੇਸ਼ਾਂ ਅਨੁਸਾਰ ਪੰਜਾਬ ਪੁਲਿਸ ਚਾਈਨਾ ਡੋਰ ਨੂੰ ਖਰੀਦਣ/ਵੇਚਣ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕਰੇਗੀ।

ਜ਼ਿਕਰਯੋਗ ਹੈ ਕਿ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ), ਪੰਜਾਬ ਗੌਰਵ ਯਾਦਵ ਨੇ ਸਾਰੇ ਸੀਪੀਜ਼/ਐਸਐਸਪੀਜ਼ ਨੂੰ ਸਖ਼ਤ ਹਦਾਇਤਾਂ ਦਿੱਤੀਆਂ ਸਨ ਕਿ ਉਹ ਹਰੇਕ ਮਾਮਲੇ ਵਿੱਚ, ਖਾਸ ਤੌਰ ‘ਤੇ ਨਸ਼ਿਆਂ ਦੀ ਬਰਾਮਦਗੀ ਨਾਲ ਸਬੰਧਤ ਅਗਲੀਆਂ-ਪਿਛਲੀਆਂ ਕੜੀਆਂ ਦੀ ਬਾਰੀਕੀ ਨਾਲ ਜਾਂਚ ਕਰਨ, ਭਾਵੇਂ ਕਿਸੇ ਕੋਲੋਂ ਮਾਮੂਲੀ ਮਾਤਰਾ ਵਿੱਚ ਹੀ ਨਸ਼ੀਲੇ ਪਦਾਰਥ ਦੀ ਬਰਾਮਦਗੀ ਹੋਈ ਹੋਵੇ।

ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਵੱਲੋਂ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਦੇ ਦਿਸ਼ਾ-ਨਿਰਦੇਸ਼ਾਂ ‘ਤੇ ਪੰਜਾਬ ਪੁਲਿਸ ਵੱਲੋਂ ਸਰਹੱਦੀ ਸੂਬੇ ਵਿੱਚੋਂ ਨਸ਼ਿਆਂ ਦੇ ਕੋਹੜ ਨੂੰ ਠੱਲ੍ਹ ਪਾਉਣ ਲਈ ਵਿਆਪਕ ਨਸ਼ਾ ਵਿਰੋਧੀ ਮੁਹਿੰਮ ਚਲਾਈ ਗਈ ਹੈ। ਡੀਜੀਪੀ ਨੇ ਸਾਰੇ ਸੀਪੀਜ਼/ਐਸਐਸਪੀਜ਼ ਨੂੰ ਸਖ਼ਤੀ ਨਾਲ ਹੁਕਮ ਦਿੱਤੇ ਹਨ ਕਿ ਉਹਨਾਂ ਸਾਰੇ ਹਾਟਸਪਾਟਸ ਦੀ ਸ਼ਨਾਖਤ ਕੀਤੀ ਜਾਵੇ ਜਿੱਥੇ ਨਸ਼ੇ ਦਾ ਰੁਝਾਨ ਹੈ ਅਤੇ ਉਹਨਾਂ ਦੇ ਅਧਿਕਾਰ ਖੇਤਰਾਂ ਨਾਲ ਸਬੰਧਤ ਸਾਰੇ ਚੋਟੀ ਦੇ ਨਸ਼ਾ ਤਸਕਰਾਂ ਦੀ ਵੀ ਪਛਾਣ ਕੀਤੀ ਜਾਵੇ। ਉਹਨਾਂ ਪੁਲਿਸ ਮੁਖੀਆਂ ਨੂੰ ਇਹ ਵੀ ਹਦਾਇਤ ਕੀਤੀ ਕਿ ਫੜੇ ਗਏ ਸਾਰੇ ਨਸ਼ਾ ਤਸਕਰਾਂ ਦੀ ਜਾਇਦਾਦ ਜ਼ਬਤ ਕੀਤੀ ਜਾਵੇ ਤਾਂ ਜੋ ਉਹਨਾਂ ਦੇ ਨਜਾਇਜ਼ ਪੈਸੇ ਨੂੰ ਬਰਾਮਦ ਕੀਤਾ ਜਾ ਸਕੇ।

# ਲਤੀਫ਼ਪੁਰਾ ਮੁੜ ਵਸੇਬਾ ਮੋਰਚਾ ਨੇ ਹਾਈਵੇ ਅਤੇ ਰੇਲਵੇ ਟਰੈਕ ਕੀਤਾ ਜਾਮ

ਜਲੰਧਰ, 16 ਜਨਵਰੀ (ਪੋਸਟ ਬਿਊਰੋ): ਲਤੀਫ਼ਪੁਰਾ ਮੁੜ ਵਸੇਬਾ ਮੋਰਚਾ ਦੀ ਅਗਵਾਈ ਹੇਠ ਕਿਸਾਨਾਂ, ਮਜ਼ਦੂਰਾਂ ਅਤੇ ਹੋਰ ਮਿਹਨਤੀ ਲੋਕਾਂ ਨੇ ਏਥੇ ਧੰਨੋ ਵਾਲੀ ਨੇੜੇ 4 ਘੰਟੇ ਲਈ ਹਾਈਵੇ ਤੇ ਰੇਲਵੇ ਟਰੈਕ ਜਾਮ ਕੀਤਾ। ਇਹ ਜਾਮ ਸਵੇਰੇ ਠੀਕ 11:30 ਵਜੇ ਸ਼ੁਰੂ ਕੀਤਾ ਗਿਆ ਅਤੇ 3:30 ਵਜੇ ਸਮਾਪਤ ਖ਼ਤਮ ਕੀਤਾ ਗਿਆ।ਜਾਮ ਦੌਰਾਨ ਜਿੱਥੇ ਵਿਆਹ ਵਾਲੀਆਂ ਤਿੰਨ ਗੱਡੀਆਂ, 2 ਐਂਬੂਲੈਂਸ ਨੂੰ ਜਾਮ ਖੋਲ ਕੇ ਲਗਾਇਆ ਗਿਆ ਅਤੇ ਹੋਰ ਜ਼ਰੂਰੀ ਸੇਵਾਵਾਂ ਨੂੰ ਰਾਹਤ ਦਿੱਤੀ ਗਈ।



ਇਸ ਮੌਕੇ ਇਕੱਠੇ ਹੋਏ ਲੋਕਾਂ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਸੜਕੀ ਤੇ ਰੇਲਵੇ ਆਵਾਜਾਈ ਲਤੀਫ਼ਪੁਰਾ ਦੇ ਮਸਲੇ ਉੱਪਰ ਗੂੰਗੀ,ਬੋਲੀ ਸਰਕਾਰ ਦੀ ਜ਼ੁਬਾਨ ਖੁਲਵਾਉਣ ਲਈ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਲਤੀਫ਼ਪੁਰਾ ਇਲਾਕੇ ਦੇ ਲੋਕਾਂ ਦਾ ਮੁੜ ਉਸ ਜਗ੍ਹਾ ਉੱਪਰ ਹੀ ਵਸੇਬਾ ਕਰਨ, ਉਹਨਾਂ ਦੇ ਹੋਏ ਨੁਕਸਾਨ ਦਾ ਉਚਿਤ ਮੁਆਵਜ਼ਾ ਦੇਣ ਅਤੇ ਗਾਲੀ ਗਲੋਚ ਕਰਨ ਵਾਲੇ ਡੀਸੀਪੀ ਜਸਕਰਨਜੀਤ ਸਿੰਘ ਤੇਜਾ ਸਿੰਘ ਸਖ਼ਤ ਕਾਰਵਾਈ ਕਰਨ ਤੱਕ ਮੋਰਚਾ ਜਾਰੀ ਰਹੇਗਾ।

ਉਨ੍ਹਾਂ ਕਿਹਾ ਕਿ ਬਦਲਾਅ ਵਾਲੀ ਭਗਵੰਤ ਸਿੰਘ ਮਾਨ ਕਿਸ ਤਰ੍ਹਾਂ ਕਾਰਪੋਰੇਟ ਘਰਾਣਿਆਂ ਅਤੇ ਭੂ-ਮਾਫ਼ੀਆ ਦੇ ਥੱਲੇ ਲੱਗੀ ਹੈ, ਲਤੀਫ਼ਪੁਰਾ, ਜ਼ੀਰਾ ਅਤੇ ਹੋਰ ਥਾਈਂ ਲੱਗੇ ਮੋਰਚਿਆਂ ਦੇ ਸੰਬੰਧ ਵਿੱਚ ਮੁੱਖ ਮੰਤਰੀ ਵਲੋਂ ਬੰਦ ਰੱਖੀ ਹੋਈ ਜ਼ੁਬਾਨ ਤੋਂ ਦੇਖੀ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਇਸ ਮਾਮਲੇ ਚ ਆਪਣੀ ਗੈਰ-ਗੰਭੀਰਤਾ ਦਿਖਾ ਰਹੀ ਹੈ। ਸਰਕਾਰ ਅਤੇ ਇੱਥੋਂ ਦਾ ਪ੍ਰਸ਼ਾਸਨ ਇਸ ਹੱਦ ਤੱਕ ਗਿਰ ਗਿਆ ਹੈ ਕਿ ਲੋਕਾਂ ਲਈ ਨਾ ਖਾਣ ਪੀਣ ,ਨਾ ਹੀ ਬਾਥਰੂਮ ਦਾ ਪ੍ਰਬੰਧ ਕਰ ਸਕੀ ।ਲੋਕ ਰੋਜ਼ ਬੀਮਾਰ ਹੋ ਰਹੇ ਹਨ ਸਰਕਾਰ ਵਲੋਂ ਕੋਈ ਵੀ ਮੈਡੀਕਲ ਸਹੂਲਤ ਦਾ ਪ੍ਰਬੰਧ ਨਹੀਂ ਕੀਤਾ ਗਿਆ।

ਮੋਰਚੇ ਦੇ ਆਗੂਆਂ ਵਲੋਂ ਐਲਾਨ ਕੀਤਾ ਗਿਆ ਕਿ ਮੰਗਾਂ ਦੇ ਨਿਪਟਾਰੇ ਲਈ ਦਿਨ ਰਾਤ ਦਾ ਮੋਰਚਾ ਜਾਰੀ ਰੱਖਦਿਆ 26 ਜਨਵਰੀ ਨੂੰ ਗਣਤੰਤਰ ਦਿਵਸ ਮੌਕੇ ਗਵਰਨਰ ਪੰਜਾਬ ਸਰਕਾਰ ਦੀ ਆਮਦ ‘ਤੇ ਪ੍ਰਦਰਸ਼ਨ ਕੀਤਾ ਜਾਵੇਗਾ।

# ਜੀ-20 ਸੰਮੇਲਨ ਲਈ ਪੁਖ਼ਤਾ ਇੰਤਜ਼ਾਮ ਸਮੇਂ ’ਤੇ ਯਕੀਨੀ ਬਣਾਓ, ਮੁੱਖ ਮੰਤਰੀ ਨੇ ਅਧਿਕਾਰੀਆਂ ਨੂੰ ਕੀਤੀ ਹਦਾਇਤ

ਚੰਡੀਗੜ੍ਹ, 16 ਜਨਵਰੀ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਸੋਮਵਾਰ ਨੂੰ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਮਾਰਚ ਤੇ ਜੂਨ ਮਹੀਨਿਆਂ ਵਿੱਚ ਪਵਿੱਤਰ ਨਗਰੀ ਅੰਮ੍ਰਿਤਸਰ ਵਿੱਚ ਹੋਣ ਵਾਲੇ ਜੀ-20 ਸੰਮੇਲਨ ਲਈ ਪੁਖ਼ਤਾ ਪ੍ਰਬੰਧ ਯਕੀਨੀ ਬਣਾਏ ਜਾਣ।

ਇਸ ਵੱਡ-ਆਕਾਰੀ ਸਮਾਗਮ ਦੇ ਪ੍ਰਬੰਧਾਂ ਦੀ ਸਮੀਖਿਆ ਕਰਨ ਲਈ ਅੱਜ ਹੋਈ ਉੱਚ ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਨੇ ਸਪੱਸ਼ਟ ਕੀਤਾ ਕਿ ਇਸ ਪ੍ਰੋਗਰਾਮ ਨੂੰ ਸਫ਼ਲ ਬਣਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਉਨ੍ਹਾਂ ਕਿਹਾ ਕਿ ਅਸੀਂ ਸਾਰੇ ਕਿਸਮਤ ਵਾਲੇ ਹਾਂ ਕਿ ਸੂਬੇ ਵਿੱਚ ਅਜਿਹਾ ਵੱਡ ਆਕਾਰੀ ਸਮਾਗਮ ਹੋ ਰਿਹਾ ਹੈ। ਭਗਵੰਤ ਮਾਨ ਨੇ ਉਮੀਦ ਪ੍ਰਗਟਾਈ ਕਿ ਸੂਬਾ ਸਰਕਾਰ ਪੰਜਾਬ ਵਿੱਚ ਜੀ-20 ਸੰਮੇਲਨ ਦੇ ਦੋ ਸੈਸ਼ਨ ਸਫ਼ਲਤਾ ਪੂਰਵਕ ਕਰਵਾ ਕੇ ਨਵੇਂ ਕੀਰਤੀਮਾਨ ਸਥਾਪਤ ਕਰੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਬੇਹੱਦ ਮਾਣ ਤੇ ਤਸੱਲੀ ਵਾਲੀ ਗੱਲ ਹੈ ਕਿ 15, 16 ਤੇ 17 ਮਾਰਚ ਨੂੰ ਸਿੱਖਿਆ ਅਤੇ 22 ਤੇ 23 ਜੂਨ ਨੂੰ ਕਿਰਤ ਦੇ ਮੁੱਦੇ ਉਤੇ ਦੋ ਸੈਸ਼ਨ ਪੰਜਾਬ ਵਿੱਚ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਆਪਣੀ ਨਿੱਘੀ ਮਹਿਮਾਨਨਿਵਾਜ਼ੀ ਲਈ ਦੁਨੀਆ ਭਰ ਵਿੱਚ ਜਾਣਿਆ-ਜਾਂਦਾ ਹੈ ਅਤੇ ਅਧਿਕਾਰੀ ਇਹ ਗੱਲ ਯਕੀਨੀ ਬਣਾਉਣ ਕਿ ਇਸ ਸੰਮੇਲਨ ਲਈ ਵਿਦੇਸ਼ਾਂ ਤੋਂ ਆਉਣ ਵਾਲੇ ਮਹਿਮਾਨਾਂ ਦੇ ਸਵਾਗਤ ਲਈ ਵਿਆਪਕ ਪ੍ਰਬੰਧ ਯਕੀਨੀ ਬਣਾਏ ਜਾਣ। ਭਗਵੰਤ ਮਾਨ ਨੇ ਕਿਹਾ ਕਿ ਇਹ ਦੋ ਸੈਸ਼ਨ ਪਵਿੱਤਰ ਨਗਰੀ ਅੰਮ੍ਰਿਤਸਰ ਵਿੱਚ ਹੋ ਰਹੇ ਹਨ, ਜਿੱਥੇ ਰੋਜ਼ਾਨਾ ਲੱਖਾਂ ਸ਼ਰਧਾਲੂ ਸ੍ਰੀ ਦਰਬਾਰ ਸਾਹਿਬ ਤੇ ਦੁਰਗਿਆਨਾ ਮੰਦਰ ਵਿੱਚ ਅਕੀਦਤ ਭੇਟ ਕਰਨ ਅਤੇ ਜੱਲ੍ਹਿਆਂਵਾਲਾ ਬਾਗ ਤੇ ਹੋਰ ਥਾਵਾਂ ਉਤੇ ਹਾਜ਼ਰੀ ਭਰਨ ਆਉਂਦੇ ਹਨ।

ਮੁੱਖ ਮੰਤਰੀ ਨੇ ਦਾਅਵਾ ਕੀਤਾ ਕਿ ਇਹ ਸੰਮੇਲਨ ਪੰਜਾਬ ਨੂੰ ਵਪਾਰ ਪੱਖੋਂ ਸਭ ਤੋਂ ਤਰਜੀਹੀ ਸਥਾਨ ਵਜੋਂ ਵਿਸ਼ਵ ਭਰ ਵਿੱਚ ਉਭਾਰੇਗਾ ਅਤੇ ਇਸ ਨਾਲ ਸਰਕਾਰ ਨੂੰ ਨਵੇਂ ਕਾਰੋਬਾਰਾਂ ਲਈ ਦਿੱਤੀਆਂ ਜਾ ਰਹੀਆਂ ਸਹੂਲਤਾਂ ਤੇ ਹਾਸਲ ਉਪਲਬਧੀਆਂ ਬਾਰੇ ਦੱਸਣ ਦਾ ਮੌਕਾ ਵੀ ਮਿਲੇਗਾ।

# ਪ੍ਰਧਾਨ ਮੰਤਰੀ ਗਰੀਬ ਕਲਿਆਨ ਅੰਨ ਯੋਜਨਾ ਤਹਿਤ ਕਣਕ ਦੀ ਪੂਰੀ ਪਾਰਦਰਸ਼ਤਾ ਤਹਿਤ ਵੰਡ : ਲਾਲ ਚੰਦ ਕਟਾਰੂਚੱਕ

ਚੰਡੀਗੜ੍ਹ, 16 ਜਨਵਰੀ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਆਮ ਲੋਕਾਂ ਨੂੰ ਹਰ ਤਰ੍ਹਾਂ ਦੀਆਂ ਸੁਵਿਧਾਵਾਂ ਪ੍ਰਦਾਨ ਕਰਨ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ ਅਤੇ ਲੋਕਾਂ ਨੂੰ ਹਰ ਸੁਵਿਧਾ ਦਾ ਲਾਭ ਪ੍ਰਦਾਨ ਕਰਨ ਵਿੱਚ ਪਾਰਦਰਸ਼ਿਤਾ ‘ਤੇ ਖਾਸ ਜ਼ੋਰ ਦਿੱਤਾ ਜਾ ਰਿਹਾ ਹੈ।

ਇਸੇ ਤਹਿਤ ਸੂਬੇ ਦੇ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਵਿਭਾਗ ਵੱਲੋਂ ਸੂਬੇ ਵਿੱਚ ਪ੍ਰਧਾਨ ਮੰਤਰੀ ਗਰੀਬ ਕਲਿਆਨ ਅੰਨ ਯੋਜਨਾ ਦੀ ਵੰਡ ਵਿੱਚ ਪਾਰਦਰਸ਼ਤਾ ਵਧਾਉਣ ਲਈ ਇਹ ਵੰਡ ਇਲੈਕਟ੍ਰਾਨਿਕ ਪੁਆਇੰਟ ਆਫ਼ ਸੇਲ ਮਸ਼ੀਨਾਂ ਰਾਹੀਂ ਕੀਤੀ ਜਾਂਦੀ ਹੈ ਜਿਸ ਤਹਿਤ ਲਾਭਪਾਤਰੀਆਂ ਨੂੰ ਕਣਕ ਦੀ ਵੰਡ ਲਾਭਪਾਤਰੀ ਦਾ ਅੰਗੂਠਾ ਲਗਵਾਉਣ ਉਪਰੰਤ ਹੀ ਕੀਤੀ ਜਾਂਦੀ ਹੈ ਅਤੇ ਕਣਕ ਦੀ ਮਾਤਰਾ ਵੀ ਪਰਚੀ ਵਿੱਚ ਦਰਜ ਕੀਤੀ ਜਾਂਦੀ ਹੈ। ਇਸ ਤੋਂ ਇਲਾਵਾ ਸਮੂਹ ਜ਼ਿਲ੍ਹਾ ਦਫ਼ਤਰਾਂ ਨੂੰ ਇਹ ਵੀ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ ਕਿ ਹਰੇਕ ਰਾਸ਼ਨ ਡਿਪੂ ਤੇ ਨੈਸ਼ਨਲ ਫੂਡ ਸਕਿਉਰਟੀ ਐਕਟ-2013, ਪ੍ਰਧਾਨ ਮੰਤਰੀ ਗਰੀਬ ਕਲਿਆਨ ਅੰਨ ਯੋਜਨਾ ਅਤੇ ਇਕ ਦੇਸ਼ ਇੱਕ ਰਾਸ਼ਨ ਕਾਰਡ ਦੀ ਸਕੀਮਾਂ ਤਹਿਤ ਬਣਦੇ ਲਾਭ ਸਪਸ਼ਟ ਕੀਤੇ ਜਾਣ।

ਸੂਬੇ ਦੇ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਦੱਸਿਆ ਕਿ ਕੇਂਦਰ ਸਰਕਾਰ ਵੱਲੋਂ ਪੰਜਾਬ ਰਾਜ ਵਿੱਚ 1.41 ਕਰੋੜ ਲਾਭਪਾਤਰੀਆਂ ਲਈ ਹੀ ਕਣਕ ਭੇਜੀ ਜਾ ਰਹੀ ਹੈ ਜਦ ਕਿ ਸੂਬੇ ਵਿੱਚ ਮੌਜੂਦਾ ਸਮੇਂ ਵਿੱਚ 1.57 ਕਰੋੜ ਲਾਭਪਾਤਰੀ ਮੌਜੂਦ ਹਨ। ਸੂਬੇ ਦੇ ਵਾਧੂ 16 ਕਰੋੜ ਲਾਭਪਾਤਰੀਆਂ ਵਿੱਚੋਂ ਅਯੋਗ ਲਾਭਪਾਤਰੀਆਂ ਨੂੰ ਹਟਾਉਣ ਲਈ ਨੈਸ਼ਨਲ ਫੂਡ ਸਕਿਉਰਟੀ ਐਕਟ-2013 ਤਹਿਤ ਸੂਬੇ ਵਿੱਚ ਮੌਜੂਦਾ ਲਾਭਪਾਤਰੀਆਂ ਦੀ ਵੈਰੀਫਿਕੇਸ਼ਨ ਦਾ ਕੰਮ ਵੀ ਸ਼ੁਰੂ ਕੀਤਾ ਗਿਆ ਹੈ।

ਬੁਲਾਰੇ ਨੇ ਅੱਗੇ ਦੱਸਿਆ ਕਿ ਪ੍ਰਧਾਨ ਮੰਤਰੀ ਗਰੀਬ ਕਲਿਆਨ ਅੰਨ ਯੋਜਨਾ ਤਹਿਤ ਵੰਡੀ ਜਾਣ ਵਾਲੀ ਕਣਕ ਕੇਂਦਰੀ ਪੂਲ ਦੇ ਸਟਾਕ ਵਿੱਚੋਂ ਐਫ.ਸੀ.ਆਈ ਵੱਲੋਂ ਸੂਬਾ ਸਰਕਾਰ ਨੂੰ ਉਪਲਬਧ ਕਰਵਾਈ ਜਾਂਦੀ ਹੈ।

# ਰੂਸ ਦੇ ਇੱਕ ਸ਼ਹਿਰ ਵਿੱਚ ਤਾਪਮਾਨ ਮਾਈਨਸ 50 ਡਿਗਰੀ ਪਹੁੰਚਿਆ, ਲੋਕ ਪਰੇਸ਼ਾਨ



ਮਾਸਕੋ, 16 ਜਨਵਰੀ (ਪੋਸਟ ਬਿਊਰੋ) - ਧਰਤੀ 'ਤੇ ਸਭ ਤੋਂ ਠੰਡੇ ਖੇਤਰ ਵਜੋਂ ਜਾਣੇ ਜਾਂਦੇ ਸਾਈਬੇਰੀਅਨ ਸ਼ਹਿਰ 'ਚ ਇਸ ਸਾਲ ਕੜਾਕੇ ਦੀ ਠੰਡ ਪੈ ਰਹੀ ਹੈ। ਯਾਕੁਤਸਕ ਸ਼ਹਿਰ ਵਿੱਚ ਇਸ ਹਫ਼ਤੇ ਤਾਪਮਾਨ ਮਨਫ਼ੀ 50 ਡਿਗਰੀ ਸੈਲਸੀਅਸ ਤੱਕ ਪਹੁੰਚ ਗਿਆ। ਸਮਾਚਾਰ ਏਜੰਸੀ ਰਾਇਟਰਸ ਦੇ ਅਨੁਸਾਰ, ਰੂਸ ਦੇ ਦੂਰ ਪੂਰਬ ਦੇ ਪਰਮਾਫ੍ਰੌਸਟ ਵਿੱਚ ਮਾਸਕੋ ਤੋਂ 5,000 ਕਿਲੋਮੀਟਰ ਪੂਰਬ ਵਿੱਚ ਸਥਿਤ ਮਾਈਨਿੰਗ ਟਾਊਨ ਦੇ ਨਿਵਾਸੀ ਇਸ ਸਾਲ ਅਤਿਅੰਤ ਠੰਡ ਤੋਂ ਪੀੜਤ ਹਨ। ਇਸ ਸ਼ਹਿਰ ਦਾ ਤਾਪਮਾਨ ਲਗਾਤਾਰ ਜ਼ੀਰੋ ਤੋਂ ਹੇਠਾਂ 40 ਤੱਕ ਪਹੁੰਚ ਰਿਹਾ ਹੈ।

ਇੱਕ ਔਰਤ ਦੋ ਸਕਾਰਫ਼, ਦੋ ਜੋੜੇ ਦਸਤਾਨੇ ਅਤੇ ਕਈ ਟੋਪੀਆਂ ਅਤੇ ਹੁੱਡਾਂ ਵਿੱਚ ਬਾਹਰ ਆਈ, ਉਸਨੇ ਕਿਹਾ ਕਿ ਤੁਸੀਂ ਇੰਨਾ ਜ਼ਿਆਦਾ ਨਹੀਂ ਲੈ ਸਕਦੇ। ਜਾਂ ਤਾਂ ਤੁਸੀਂ ਆਪਣੇ ਆਪ ਨੂੰ ਸਥਿਤੀ ਦੇ ਅਨੁਸਾਰ ਢਾਲਦੇ ਹੋ ਜਾਂ ਤੁਸੀਂ ਇਸਦੇ ਸ਼ਿਕਾਰ ਬਣੋਗੇ।

ਬਰਫੀਲੀ ਧੁੰਦ ਵਿੱਚ ਘਿਰੇ ਸ਼ਹਿਰ ਵਿੱਚ ਉਨ੍ਹਾਂ ਕਿਹਾ ਕਿ ਸ਼ਹਿਰ ਵਿੱਚ ਤੁਹਾਨੂੰ ਅਸਲ ਵਿੱਚ ਠੰਢ ਮਹਿਸੂਸ ਨਹੀਂ ਹੁੰਦੀ। ਜਾਂ ਹੋ ਸਕਦਾ ਹੈ ਕਿ ਇਹ ਸਿਰਫ ਦਿਮਾਗ ਤੁਹਾਨੂੰ ਇਸਦੇ ਲਈ ਤਿਆਰ ਕਰ ਰਿਹਾ ਹੈ, ਅਤੇ ਤੁਹਾਨੂੰ ਦੱਸ ਰਿਹਾ ਹੈ ਕਿ ਸਭ ਕੁਝ ਆਮ ਹੈ।

# ਜੋਸ਼ੀਮਠ ਵਿੱਚ 800 ਤੋਂ ਵੱਧ ਘਰਾਂ ਵਿੱਚ ਤਰੇੜਾਂ, 165 ਖ਼ਤਰੇ ਵਿੱਚ



ਜੋਸ਼ੀਮਠ, 16 ਜਨਵਰੀ (ਪੋਸਟ ਬਿਊਰੋ)- ਜ਼ਮੀਨ ਖਿਸਕਣ ਨਾਲ ਪ੍ਰਭਾਵਿਤ ਜੋਸ਼ੀਮਠ ਵਿੱਚ ਸੋਮਵਾਰ ਤੱਕ 190 ਪਰਿਵਾਰਾਂ ਨੂੰ ਅੰਤਰਿਮ ਸਹਾਇਤਾ ਵਜੋਂ 2.85 ਕਰੋੜ ਰੁਪਏ ਵੰਡੇ ਜਾ ਚੁੱਕੇ ਹਨ, ਜਦੋਂ ਕਿ ਕਿਸੇ ਅਣਜਾਣ ਭੂਮੀਗਤ ਸਰੋਤ ਤੋਂ ਪਾਣੀ ਦਾ ਰਿਸਾਅ 163 ਲੀਟਰ ਪ੍ਰਤੀ ਮਿੰਟ ਤੱਕ ਆ ਗਿਆ ਹੈ। ਰਾਜ ਦੇ ਆਫ਼ਤ ਪ੍ਰਬੰਧਨ ਸਕੱਤਰ ਰਣਜੀਤ ਸਿਨਹਾ ਨੇ ਇੱਥੇ ਦੱਸਿਆ ਕਿ ਉੱਤਰਾਖੰਡ ਸਰਕਾਰ ਵੱਲੋਂ ਅੰਤਰਿਮ ਸਹਾਇਤਾ ਵਜੋਂ 190 ਪ੍ਰਭਾਵਿਤ ਪਰਿਵਾਰਾਂ ਨੂੰ 2.85 ਕਰੋੜ ਰੁਪਏ ਵੰਡੇ ਗਏ ਹਨ। ਉਨ੍ਹਾਂ ਤਸੱਲੀ ਪ੍ਰਗਟਾਈ ਕਿ ਜੋਸ਼ੀਮੱਠ ਵਿੱਚ 6 ਜਨਵਰੀ ਨੂੰ ਪਾਣੀ ਦਾ ਲੀਕੇਜ 540 ਲੀਟਰ ਪ੍ਰਤੀ ਮਿੰਟ ਤੋਂ ਘਟ ਕੇ ਹੁਣ 163 ਲੀਟਰ ਪ੍ਰਤੀ ਮਿੰਟ ਹੋ ਗਿਆ ਹੈ। ਇਸ ਤੋਂ ਪਹਿਲਾਂ ਵੀ ਲੀਕੇਜ 'ਚ ਕੁਝ ਕਮੀ ਦਰਜ ਕੀਤੀ ਗਈ ਸੀ ਪਰ ਐਤਵਾਰ ਨੂੰ ਫਿਰ ਇਸ 'ਚ ਵਾਧਾ ਹੋਣ ਕਾਰਨ ਪ੍ਰਸ਼ਾਸਨ ਦੀ ਚਿੰਤਾ ਵਧ ਗਈ ਹੈ।

13 ਜਨਵਰੀ ਨੂੰ ਰਿਕਾਰਡ ਕੀਤੇ ਗਏ 190 ਲੀਟਰ ਪ੍ਰਤੀ ਮਿੰਟ ਪਾਣੀ ਦੀ ਲੀਕੇਜ ਦੋ ਦਿਨ ਘੱਟ ਰਹਿਣ ਤੋਂ ਬਾਅਦ ਐਤਵਾਰ ਨੂੰ ਫਿਰ ਵਧ ਕੇ 240 ਲੀਟਰ ਪ੍ਰਤੀ ਮਿੰਟ ਹੋ ਗਈ। ਸਕੱਤਰ ਨੇ ਦੱਸਿਆ ਕਿ ਕੇਂਦਰ ਸਰਕਾਰ ਦੇ ਪੱਧਰ 'ਤੇ ਸੈਂਟਰਲ ਬਿਲਡਿੰਗ ਰਿਸਰਚ ਇੰਸਟੀਚਿਊਟ ਵੱਲੋਂ ਇਮਾਰਤਾਂ ਨੂੰ ਹੋਏ ਨੁਕਸਾਨ ਦਾ ਮੁਲਾਂਕਣ ਕਰਨ ਲਈ 'ਕਰੈਕ ਮੀਟਰ' ਲਗਾਏ ਗਏ ਹਨ। ਉਨ੍ਹਾਂ ਦੱਸਿਆ ਕਿ ਹੁਣ ਤੱਕ 400 ਘਰਾਂ ਦੇ ਨੁਕਸਾਨ ਦਾ ਮੁਲਾਂਕਣ ਕੀਤਾ ਜਾ ਚੁੱਕਾ ਹੈ।

ਉਨ੍ਹਾਂ ਦੱਸਿਆ ਕਿ ਸੋਮਵਾਰ ਨੂੰ ਤਰੇੜਾਂ ਵਾਲੀਆਂ ਇਮਾਰਤਾਂ ਦੀ ਗਿਣਤੀ ਵੱਧ ਕੇ 849 ਹੋ ਗਈ, ਜਿਨ੍ਹਾਂ ਵਿੱਚੋਂ 165 ਇਮਾਰਤਾਂ ਅਸੁਰੱਖਿਅਤ ਖੇਤਰਾਂ ਵਿੱਚ ਸਥਿਤ ਹਨ। ਹੁਣ ਤੱਕ 237 ਪਰਿਵਾਰਾਂ ਦੇ 800 ਮੈਂਬਰਾਂ ਨੂੰ ਅਸਥਾਈ ਰਾਹਤ ਕੈਂਪਾਂ ਵਿੱਚ ਭੇਜਿਆ ਗਿਆ ਹੈ। ਵਾਡੀਆ ਇੰਸਟੀਚਿਊਟ ਵੱਲੋਂ ਜੋਸ਼ੀਮਠ ਵਿੱਚ ਤਿੰਨ ਭੂਚਾਲ ਕੇਂਦਰ ਬਣਾਏ ਗਏ ਹਨ, ਜਿਨ੍ਹਾਂ ਤੋਂ ਡਾਟਾ ਵੀ ਹਾਸਲ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਸ਼ਹਿਰ ਵਿੱਚ ਵੱਖ-ਵੱਖ ਏਜੰਸੀਆਂ ਸਰਵੇ ਅਤੇ ਜਾਂਚ ਦੇ ਕੰਮ ਵਿੱਚ ਲੱਗੀਆਂ ਹੋਈਆਂ ਹਨ। ਦੂਜੇ ਪਾਸੇ ਉਪਰਲੇ ਹਿੱਸੇ 'ਚ ਇਕ ਦੂਜੇ ਨਾਲ ਖਤਰਨਾਕ ਤਰੀਕੇ ਨਾਲ ਜੁੜੇ ਹੋਟਲ 'ਮਲਾਰੀ ਇਨ' ਅਤੇ 'ਹੋਟਲ ਮਾਊਂਟ ਵਿਊ' ਨੂੰ ਢਾਹੁਣ ਦੀ ਪ੍ਰਕਿਰਿਆ ਜਾਰੀ ਹੈ।

# ਪੋਖਰਾ ਏਅਰਪੋਰਟ ਨੇ ਦੱਸੀ ਪਲੇਨ ਕ੍ਰੈਸ਼ ਤੋਂ ਪਹਿਲਾਂ ਦੀ ਸਥਿਤੀ, ਪਾਇਲਟ ਨੇ ਨਹੀਂ ਦਿੱਤਾ ਸੀ ਖ਼ਤਰੇ ਦਾ ਕੋਈ ਸੰਕੇਤ

ਪੋਖਰਾ, 16 ਜਨਵਰੀ (ਪੋਸਟ ਬਿਊਰੋ) - ਨੇਪਾਲ 'ਚ ਲੈਂਡਿੰਗ ਦੇ ਸਮੇਂ ਫਲਾਈਟ ਦਾ ਹਾਦਸਾਗ੍ਰਸਤ ਹੋਣਾ ਇਕ ਸੁਪਨੇ ਵਰਗਾ ਹੈ। ਇਸ ਦਰਦਨਾਕ ਹਾਦਸੇ ਵਿੱਚ ਕਿਸੇ ਦੇ ਬਚਣ ਦੀ ਉਮੀਦ ਨਹੀਂ ਹੈ। ਇਸ ਜਹਾਜ਼ ਨੇ ਕਾਠਮੰਡੂ ਤੋਂ ਉਡਾਣ ਭਰੀ ਸੀ ਜੋ ਪੋਖਰਾ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਉਤਰਨ ਜਾ ਰਿਹਾ ਸੀ। ਜਹਾਜ਼ ਹਾਦਸੇ ਦੀ ਜਾਂਚ ਵੀ ਸ਼ੁਰੂ ਕਰ ਦਿੱਤੀ ਗਈ ਹੈ। ਹੁਣ ਪੋਖਰਾ ਏਅਰਪੋਰਟ ਪ੍ਰਸ਼ਾਸਨ ਵੱਲੋਂ ਵੀ ਇੱਕ ਬਿਆਨ ਜਾਰੀ ਕੀਤਾ ਗਿਆ ਹੈ। ਪੋਖਰਾ ਹਵਾਈ ਅੱਡੇ ਦੇ ਬੁਲਾਰੇ ਨੇ ਕਿਹਾ ਹੈ ਕਿ ਹਾਦਸੇ ਤੋਂ ਪਹਿਲਾਂ ਪਾਇਲਟ ਨੇ ਖਤਰੇ ਦਾ ਕੋਈ ਖਦਸ਼ਾ ਨਹੀਂ ਜਤਾਇਆ ਸੀ।

ਪੋਖਰਾ ਹਵਾਈ ਅੱਡੇ ਦੇ ਬੁਲਾਰੇ ਅਨੂਪ ਜੋਸ਼ੀ ਨੇ ਕਿਹਾ, "ਹਾਦਸੇ ਤੋਂ ਪਹਿਲਾਂ ਪਹਾੜ ਪੂਰੀ ਤਰ੍ਹਾਂ ਸਾਫ ਸਨ ਅਤੇ ਦ੍ਰਿਸ਼ਟੀ ਚੰਗੀ ਸੀ। ਉਸ ਸਮੇਂ ਹਵਾ ਦੀ ਰਫ਼ਤਾਰ ਵੀ ਮੱਠੀ ਸੀ ਅਤੇ ਮੌਸਮ ਵੀ ਬਿਲਕੁਲ ਠੀਕ ਸੀ। ਅਨੂਪ ਜੋਸ਼ੀ ਨੇ ਅੱਗੇ ਦੱਸਿਆ ਕਿ ਲੈਂਡਿੰਗ ਤੋਂ ਠੀਕ ਪਹਿਲਾਂ ਪਾਇਲਟ ਨੇ ਰਨਵੇਅ 3 ਨੂੰ ਰਨਵੇਅ 1 ਨੂੰ ਸੌਂਪਣ ਲਈ ਕਿਹਾ ਸੀ, ਜਿਸ ਨੂੰ ਏਅਰਪੋਰਟ ਨੇ ਤੁਰੰਤ ਮੰਨ ਲਿਆ। ਜੋਸ਼ੀ ਨੇ ਅੱਗੇ ਕਿਹਾ ਕਿ ਅਸੀਂ ਦੋਵੇਂ ਰਨਵੇਅ ਤੋਂ ਆਪਰੇਟ ਕਰਦੇ ਹਾਂ। ਉਤਰਨ ਲਈ ਸਭ ਕੁਝ ਸਾਫ਼ ਸੀ। ਅਨੂਪ ਜੋਸ਼ੀ ਨੇ ਅੱਗੇ ਕਿਹਾ ਕਿ ਇਹ ਵਾਕਈ ਮੰਦਭਾਗਾ ਹੈ ਕਿ ਏਅਰਪੋਰਟ ਸ਼ੁਰੂ ਹੋਣ ਤੋਂ 15 ਦਿਨ ਬਾਅਦ ਹੀ ਅਜਿਹੀ ਘਟਨਾ ਵਾਪਰੀ ਹੈ।

ਕਾਠਮੰਡੂ ਤੋਂ ਉਡਾਣ ਭਰਨ ਵਾਲੇ ਯੇਤੀ ਏਅਰਲਾਈਨਜ਼ ਦੇ ਜਹਾਜ਼ 'ਚ 72 ਲੋਕ ਸਵਾਰ ਸਨ ਅਤੇ ਨੇਪਾਲ ਦੇ ਸੈਰ-ਸਪਾਟਾ ਸ਼ਹਿਰ ਪੋਖਰਾ ਜਾ ਰਹੇ ਸਨ। ਜਹਾਜ਼ ਲੈਂਡਿੰਗ ਤੋਂ ਕੁਝ ਮਿੰਟ ਪਹਿਲਾਂ ਹੀ ਹਾਦਸਾਗ੍ਰਸਤ ਹੋ ਗਿਆ। ਹਾਦਸੇ ਤੋਂ ਬਾਅਦ ਜਹਾਜ਼ ਨਦੀ ਦੇ ਕੰਢੇ ਡਿੱਗ ਗਿਆ। ਜਹਾਜ਼ ਦੇ ਟੁਕੜੇ-ਟੁਕੜੇ ਹੋ ਗਏ, ਜਿਸ ਨੂੰ ਦੇਖਦੇ ਹੋਏ ਡਰ ਸੀ ਕਿ ਕਿਸੇ ਵੀ ਯਾਤਰੀ ਦਾ ਬਚਣਾ ਬਹੁਤ ਮੁਸ਼ਕਲ ਹੋ ਜਾਵੇਗਾ। ਹੁਣ ਤੱਕ 68 ਲਾਸ਼ਾਂ ਵੀ ਕੱਢੀਆਂ ਜਾ ਚੁੱਕੀਆਂ ਹਨ। ਬਾਕੀ ਲਾਸ਼ਾਂ ਦੀ ਵੀ ਭਾਲ ਕੀਤੀ ਜਾ ਰਹੀ ਹੈ। ਨੇਪਾਲ ਵਿਚ ਪਿਛਲੇ 30 ਸਾਲਾਂ ਵਿੱਚ ਵਾਪਰਿਆ ਇਹ ਸਭ ਤੋਂ ਭਿਆਨਕ ਹਾਦਸਾ ਹੈ।

ਨੇਪਾਲ ਪੁਲਿਸ ਨੂੰ ਜਾਂਚ ਦੌਰਾਨ ਬਲੈਕ ਬਾਕਸ ਫਲਾਈਟ ਰਿਕਾਰਡਰ ਮਿਲਿਆ ਹੈ। ਇਹ ਹਾਦਸਾ ਕਿਵੇਂ ਵਾਪਰਿਆ, ਇਸ ਬਾਰੇ ਜਾਣਕਾਰੀ ਹਾਸਲ ਕਰਨ ਲਈ ਜਾਂਚ ਕੀਤੀ ਜਾ ਰਹੀ ਹੈ। ਨੇਪਾਲ ਸਰਕਾਰ ਨੇ ਜਾਂਚ ਲਈ ਇੱਕ ਪੈਨਲ ਵੀ ਬਣਾਇਆ ਹੈ। ਜਹਾਜ਼ ਦੇ ਕਰੈਸ਼ ਹੋਣ ਤੋਂ ਪਹਿਲਾਂ, ਬਹੁਤ ਸਾਰੇ ਲੋਕ ਸਨ ਜਿਨ੍ਹਾਂ ਨੇ ਆਪਣੀਆਂ ਛੱਤਾਂ ਤੋਂ ਇਹ ਭਿਆਨਕ ਦ੍ਰਿਸ਼ ਦੇਖਿਆ ਸੀ। ਸੋਸ਼ਲ ਮੀਡੀਆ 'ਤੇ ਇਕ ਵੀਡੀਓ ਵੀ ਵਾਇਰਲ ਹੋ ਰਿਹਾ ਹੈ, ਜਿਸ 'ਚ ਜਹਾਜ਼ ਹਾਦਸੇ ਤੋਂ ਠੀਕ ਪਹਿਲਾਂ ਦਾ ਦ੍ਰਿਸ਼ ਦਿਖਾਈ ਦੇ ਰਿਹਾ ਹੈ। ਵੀਡੀਓ ਸੱਚਮੁੱਚ ਡਰਾਉਣੀ ਹੈ ਅਤੇ ਉਨ੍ਹਾਂ ਲੋਕਾਂ ਬਾਰੇ ਸੋਚੋ ਜਿਨ੍ਹਾਂ ਨੇ ਇਸਨੂੰ ਆਪਣੀਆਂ ਅੱਖਾਂ ਦੇ ਸਾਹਮਣੇ ਦੇਖਿਆ ਹੋਵੇਗਾ।

# ਦਿੱਲੀ ’ਚ ਕੁੱਤਿਆਂ ਨੂੰ ਲੈ ਕੇ ਹੋਈ ਲੜਾਈ ਤੋਂ ਬਾਅਦ ਵਿਅਕਤੀ ਨੇ ਗੁਆਂਢੀ ’ਤੇ ਸੁੱਟਿਆ ਤੇਜਾਬ

ਨਵੀਂ ਦਿੱਲੀ, 16 ਜਨਵਰੀ (ਪੋਸਟ ਬਿਊਰੋ) - ਦਿੱਲੀ ਦੇ ਉਤਮ ਨਗਰ ਇਲਾਕੇ ’ਚ ਸ਼ਨੀਵਾਰ ਨੂੰ ਪੀੜਤ ਦੇ ਬੇਟੇ ਵਲੋਂ ਮੁਲਜ਼ਮ ਦੇ ਘਰ ਦੇ ਸਾਹਮਣੇ ਸੈਰ ਕਰਨ ਲਈ ਆਪਣੇ ਪਾਲਤੂ ਕੁੱਤੇ ਨੂੰ ਲਿਜਾਣ ’ਤੇ ਗੁਆਂਢੀਆਂ ਨੇ ਕਥਿਤ ਤੌਰ ’ਤੇ ਇਕ ਵਿਅਕਤੀ ’ਤੇ ਤੇਜਾਬ ਵਰਗਾ ਪਦਾਰਥ ਸੁੱਟ ਦਿੱਤਾ, ਜਿਸ ’ਚ ਵਿਅਕਤੀ ਜਖਮੀ ਹੋ ਗਿਆ।



ਜਖਮੀ ਵਿਅਕਤੀ ਦੀ ਪਛਾਣ ਰਾਜੇਸ਼ਵਰ ਵਾਸੀ ਉਤਮ ਨਗਰ ਵਜੋਂ ਹੋਈ ਹੈ, ਜਿਸ ਦਾ ਇਲਾਜ ਆਲ ਇੰਡੀਆ ਇੰਸਟੀਚਿਊਟ ਆਫ ਮੈਡੀਕਲ ਸਾਇੰਸਜ (ਏਮਜ) ਦੇ ਟਰਾਮਾ ਸੈਂਟਰ ਵਿਚ ਚੱਲ ਰਿਹਾ ਹੈ। ਮੁਲਜ਼ਮ ਨੂੰ ਪੁਲਸ ਨੇ ਹਿਰਾਸਤ ਵਿਚ ਲੈ ਲਿਆ ਹੈ।

ਦਿੱਲੀ ਪੁਲਸ ਨੇ ਦੱਸਿਆ ਕਿ ਰਾਤ ਕਰੀਬ 10 ਵਜੇ ਉੱਤਮ ਨਗਰ ਪੁਲਸ ਸਟੇਸ਼ਨ ’ਚ ਸੂਚਨਾ ਮਿਲੀ ਕਿ ਝਗੜਾ ਹੋਇਆ ਹੈ ਅਤੇ ਕਿਸੇ ਤੇਜਾਬ ਦੀ ਵਰਤੋਂ ਕੀਤੀ ਗਈ ਹੈ। ਦਿੱਲੀ ਪੁਲਸ ਮੁਤਾਬਕ ਪੀੜਤ ਦਾ ਬੇਟਾ ਸ਼ਨੀਵਾਰ ਰਾਤ ਆਪਣੇ ਪਾਲਤੂ ਕੁੱਤੇ ਨੂੰ ਸੈਰ ਕਰਨ ਲਈ ਲੈ ਕੇ ਜਾ ਰਿਹਾ ਸੀ, ਜਦੋਂ ਉਹ ਮੁਲਜ਼ਮ ਵਿਅਕਤੀ ਦੇ ਘਰ ਦੇ ਸਾਹਮਣੇ ਪਹੁੰ-ਚਆ ਤਾਂ ਘਰ ਦੇ ਲੋਕਾਂ ਨੇ ਗਾਲੀ-ਗਲੋਚ ਸ਼ੁਰੂ ਕਰ ਦਿੱਤੀ, ਜਿਸ ਤੋਂ ਬਾਅਦ ਦੋਵਾਂ ਧਿਰਾਂ ਵਿਚਾਲੇ ਲੜਾਈ ਹੋ ਗਈ।

ਘਰ ਦੇ ਲੋਕਾਂ ਨੇ ਪੀੜਤ ਅਤੇ ਉਸ ਦੇ ਬੇਟੇ ’ਤੇ ਤੇਜਾਬ ਵਰਗੀ ਚੀਜ ਸੁੱਟ ਦਿੱਤੀ। ਤੇਜਾਬ ਵਰਗੇ ਪਦਾਰਥ ਨਾਲ ਹੋਏ ਹਮਲੇ ਤੋਂ ਬਾਅਦ ਸਵਾਲ ਇਹ ਉੱਠ ਰਿਹਾ ਹੈ ਕਿ ਕੀ ਤੇਜਾਬ ਬਾਜਾਰ ਵਿਚ ਖੁੱਲ੍ਹੇਆਮ ਵਿਕ ਰਿਹਾ ਹੈ, ਜੋ ਲੋਕਾਂ ਨੂੰ ਆਸਾਨੀ ਨਾਲ ਮਿਲ ਜਾਂਦਾ ਹੈ। ਜਿਸ ਕਾਰਣ ਅਜਿਹੇ ਹਮਲੇ ਹੁੰਦੇ ਹਨ।

# ਗਣਤੰਤਰ ਦਿਵਸ ਤੋਂ ਪਹਿਲਾਂ ਦੋ ਅੰਤਰਰਾਜੀ ਹਥਿਆਰ ਸਪਲਾਈ ਕਰਨ ਵਾਲੇ ਗਿਰੋਹ ਦਾ ਪਰਦਾਫਾਸ਼, 4 ਗ੍ਰਿਫਤਾਰ



ਨਵੀਂ ਦਿੱਲੀ, 16 ਜਨਵਰੀ (ਪੋਸਟ ਬਿਊਰੋ)- ਗਣਤੰਤਰ ਦਿਵਸ ਤੋਂ ਪਹਿਲਾਂ ਦਿੱਲੀ ਵਿਚ ਵੱਡੀ ਮਾਤਰਾ ਵਿਚ ਹਥਿਆਰ ਬਰਾਮਦ ਹੋਏ ਹਨ। ਹਥਿਆਰ ਮੱਧ ਪ੍ਰਦੇਸ਼ ਤੋਂ ਲਿਆ ਕੇ ਦੇਸ਼ ਦੇ ਵੱਖ-ਵੱਖ ਰਾਜਾਂ ਨੂੰ ਸਪਲਾਈ ਕੀਤੇ ਜਾਣੇ ਸਨ। ਦਿੱਲੀ ਪੁਲਿਸ ਦੇ ਸਪੈਸ਼ਲ ਸੈੱਲ ਨੇ ਹਥਿਆਰਾਂ ਦੀ ਸਪਲਾਈ ਕਰਨ ਵਾਲੇ ਦੋ ਅੰਤਰਰਾਜੀ ਗਿਰੋਹਾਂ ਦਾ ਪਰਦਾਫਾਸ਼ ਕਰਦਿਆਂ ਚਾਰ ਬਦਮਾਸ਼ਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਮੁਲਜ਼ਮ ਇਹ ਹਥਿਆਰ ਦਿੱਲੀ-ਐਨਸੀਆਰ, ਪੰਜਾਬ, ਹਰਿਆਣਾ, ਰਾਜਸਥਾਨ ਅਤੇ ਪੱਛਮੀ ਉੱਤਰ ਪ੍ਰਦੇਸ਼ ਵਿੱਚ ਸਪਲਾਈ ਕਰਦੇ ਸਨ। ਹੁਣ ਤੱਕ ਇਹ ਮੁਲਜ਼ਮ ਵੱਖ-ਵੱਖ ਰਾਜਾਂ ਵਿੱਚ 400 ਤੋਂ ਵੱਧ ਹਥਿਆਰ ਸਪਲਾਈ ਕਰ ਚੁੱਕੇ ਹਨ।

ਗ੍ਰਿਫ਼ਤਾਰ ਕੀਤੇ ਗਏ ਚਾਰ ਮੁਲਜ਼ਮਾਂ ਦੀ ਪਛਾਣ ਰੋਹਿਤ ਕੁਮਾਰ (26), ਪਵਨ ਕੁਮਾਰ (28), ਸੰਨੀ (21) ਅਤੇ ਹਰਸ਼ਦੀਪ (19) ਵਜੋਂ ਹੋਈ ਹੈ। ਪੁਲਿਸ ਨੇ ਮੁਲਜ਼ਮਾਂ ਕੋਲੋਂ 10 ਸੈਮੀ ਆਟੋਮੈਟਿਕ ਪਿਸਤੌਲ ਅਤੇ 8 ਸਿੰਗਲ ਸ਼ਾਟ ਪਿਸਤੌਲ ਸਮੇਤ 10 ਮੈਗਜ਼ੀਨ ਬਰਾਮਦ ਕੀਤੇ ਹਨ।

ਸਪੈਸ਼ਲ ਸੈੱਲ ਦੇ ਐਡੀਸ਼ਨਲ ਸੀਪੀ ਪੀਐਸ ਕੁਸ਼ਵਾਹਾ ਨੇ ਦੱਸਿਆ ਕਿ ਗਣਤੰਤਰ ਦਿਵਸ ਦੇ ਜਸ਼ਨਾਂ ਦੇ ਮੱਦੇਨਜ਼ਰ ਦਿੱਲੀ ਪੁਲੀਸ ਹਥਿਆਰ ਸਪਲਾਈ ਕਰਨ ਵਾਲੇ ਗਿਰੋਹ ’ਤੇ ਸਖ਼ਤ ਨਜ਼ਰ ਰੱਖ ਰਹੀ ਹੈ। ਇਸ ਦੌਰਾਨ ਏਸੀਪੀ ਅਤਰ ਸਿੰਘ ਦੀ ਨਿਗਰਾਨੀ ਹੇਠ ਟੀਮ ਨੂੰ ਮੁਖਬਰ ਤੋਂ ਸੂਚਨਾ ਮਿਲੀ ਸੀ, ਜਿਸ ਤੋਂ ਬਾਅਦ ਦੋ ਸਿੰਡੀਕੇਟ ਦਾ ਖੁਲਾਸਾ ਕਰਦੇ ਹੋਏ ਚਾਰ ਨੂੰ ਗ੍ਰਿਫਤਾਰ ਕੀਤਾ ਗਿਆ। ਚਾਰ ਮੁਲਜ਼ਮਾਂ ਨੂੰ ਦਿੱਲੀ ਦੇ ਨਿਜ਼ਾਮੂਦੀਨ ਰੇਲਵੇ ਸਟੇਸ਼ਨ ਤੋਂ ਗ੍ਰਿਫ਼ਤਾਰ ਕੀਤਾ ਗਿਆ ਸੀ।

ਪੁਲਸ ਜਾਂਚ 'ਚ ਸਾਹਮਣੇ ਆਇਆ ਹੈ ਕਿ ਸੰਨੀ ਅਤੇ ਹਰਸ਼ਦੀਪ ਨੇ ਮੱਧ ਪ੍ਰਦੇਸ਼ ਦੇ ਬੁਰਹਾਨਪੁਰ 'ਚ ਇਕ ਅਸਲਾ ਸਪਲਾਇਰ ਤੋਂ ਹਥਿਆਰ ਖਰੀਦੇ ਸਨ, ਜਦਕਿ ਰੋਹਿਤ ਅਤੇ ਪਵਨ ਨੇ ਮੱਧ ਪ੍ਰਦੇਸ਼ ਦੇ ਸੇਂਧਵਾ ਦੇ ਸਰਦਾਰ ਨਾਂ ਦੇ ਵਿਅਕਤੀ ਤੋਂ ਹਥਿਆਰ ਲਏ ਸਨ। ਇਹ ਲੋਕ ਅੱਠ ਹਜ਼ਾਰ ਦੀ ਕੀਮਤ ਦਾ ਇਕ ਪਿਸਤੌਲ ਅਤੇ ਤਿੰਨ ਪਿਸਤੌਲ ਖਰੀਦਣ ਤੋਂ ਬਾਅਦ ਇੱਕ ਪਿਸਤੌਲ 25 ਹਜ਼ਾਰ ਦੀ ਕੀਮਤ ਅਤੇ ਇੱਕ ਪਿਸਤੌਲ ਛੇ ਹਜ਼ਾਰ ਵਿੱਚ ਵੇਚਦੇ ਸਨ।

ਪੁਲੀਸ ਅਨੁਸਾਰ ਮੁਲਜ਼ਮਾਂ ਨੇ ਪਿਛਲੇ ਚਾਰ ਸਾਲਾਂ ਦੌਰਾਨ 400 ਤੋਂ ਵੱਧ ਹਥਿਆਰਾਂ ਦੀ ਸਪਲਾਈ ਕੀਤੀ ਹੈ। ਇਸ ਤੋਂ ਇਲਾਵਾ ਹਰ ਵਾਰ ਹਥਿਆਰਾਂ ਦੀ ਸਪਲਾਈ ਕਰਨ ਤੋਂ ਪਹਿਲਾਂ ਉਹ ਆਪਣੇ ਨਾਲ ਨਵਾਂ ਹੈਂਡਸੈਟ ਅਤੇ ਨਵਾਂ ਸਿਮ ਕਾਰਡ ਲੈ ਕੇ ਜਾਂਦਾ ਸੀ, ਤਾਂ ਜੋ ਉਹ ਪੁਲਿਸ ਨੂੰ ਚਕਮਾ ਦੇ ਸਕੇ। ਫਿਲਹਾਲ ਪੁਲਸ ਚਾਰਾਂ ਤੋਂ ਪੁੱਛਗਿੱਛ ਕਰ ਰਹੀ ਹੈ।

# ਰੂਸ ਲਈ ਭਾਰਤ ਸਭ ਤੋਂ ਵੱਡਾ ਖਰੀਦਦਾਰ, ਹਰ ਰੋਜ਼ 1 ਮਿਲੀਅਨ ਬੈਰਲ ਕੱਚੇ ਤੇਲ ਦੀ ਕਰਦਾ ਹੈ ਦਰਾਮਦ

ਮਾਸਕੋ, 16 ਜਨਵਰੀ (ਪੋਸਟ ਬਿਊਰੋ) - ਰੂਸ ਲਈ ਭਾਰਤ ਕੱਚੇ ਤੇਲ ਦਾ ਸਭ ਤੋਂ ਵੱਡਾ ਖਰੀਦਦਾਰ ਬਣ ਗਿਆ ਹੈ। ਪਿਛਲੇ ਕੁਝ ਮਹੀਨਿਆਂ ਵਿੱਚ ਭਾਰਤ ਰੂਸ ਤੋਂ ਸਭ ਤੋਂ ਵੱਧ ਕੱਚੇ ਤੇਲ ਦੀ ਦਰਾਮਦ ਕਰ ਰਿਹਾ ਹੈ। ਦੇਸ਼ ਨੇ ਇਕ ਸਾਲ ਪਹਿਲਾਂ ਨਾਲੋਂ 33 ਗੁਣਾ ਜ਼ਿਆਦਾ ਦਰਾਮਦ ਕੀਤੀ ਹੈ। ਵਣਜ ਮੰਤਰਾਲੇ ਦੇ ਅੰਕੜਿਆਂ ਮੁਤਾਬਕ ਭਾਰਤ ਨੇ ਦਸੰਬਰ 'ਚ ਪਹਿਲੀ ਵਾਰ ਰੂਸ ਤੋਂ ਪ੍ਰਤੀ ਦਿਨ 10 ਲੱਖ ਬੈਰਲ ਕੱਚੇ ਤੇਲ ਦੀ ਦਰਾਮਦ ਕੀਤੀ। ਇਸ ਦੇ ਨਾਲ ਹੀ, ਰੂਸ ਨੇ ਇਕੱਲੇ ਦਸੰਬਰ ਵਿਚ ਭਾਰਤ ਨੂੰ ਪ੍ਰਤੀ ਦਿਨ 1.19 ਮਿਲੀਅਨ ਬੈਰਲ ਕੱਚੇ ਤੇਲ ਦੀ ਸਪਲਾਈ ਕੀਤੀ ਹੈ। ਰੂਸ ਤੋਂ ਭਾਰਤ ਨੂੰ ਕੱਚੇ ਤੇਲ ਦੀ ਬਰਾਮਦ ਉਸ ਸਮੇਂ ਸਿਖਰ 'ਤੇ ਸੀ ਜਦੋਂ ਯੂਰਪੀਅਨ ਯੂਨੀਅਨ ਅਤੇ ਅਮਰੀਕਾ ਨੇ ਰੂਸੀ ਤੇਲ 'ਤੇ ਕੀਮਤ ਸੀਮਾ ਲਗਾ ਦਿੱਤੀ ਸੀ।

ਅੰਕੜਿਆਂ ਅਨੁਸਾਰ, ਦੁਨੀਆ ਦੇ ਤੀਜੇ ਸਭ ਤੋਂ ਵੱਡੇ ਕੱਚੇ ਆਯਾਤਕ ਨੇ ਦਸੰਬਰ ਵਿੱਚ ਰੂਸ ਤੋਂ ਔਸਤਨ 1.2 ਮਿਲੀਅਨ ਬੈਰਲ ਪ੍ਰਤੀ ਦਿਨ ਖਰੀਦਿਆ। ਇਹ ਨਵੰਬਰ ਦੇ ਮੁਕਾ-ਬਲੇ 29% ਵੱਧ ਹੈ। ਕਈ ਮਹੀਨੇ ਪਹਿਲਾਂ ਇਰਾਕ ਅਤੇ ਸਾਊਦੀ ਅਰਬ ਨੂੰ ਪਛਾੜ ਕੇ ਰੂਸ ਹੁਣ ਭਾਰਤ ਦਾ ਸਭ ਤੋਂ ਵੱਡਾ ਤੇਲ ਸਰੋਤ ਹੈ। ਨਵੰਬਰ ਵਿੱਚ ਰੂਸ ਤੋਂ ਦਰਾਮਦ ਕੀਤਾ ਗਿਆ ਕੱਚਾ ਤੇਲ 909403 ਬੈਰਲ ਪ੍ਰਤੀ ਦਿਨ ਰਿਹਾ। ਅਕਤੂਬਰ 2022 ਵਿੱਚ, ਇਹ ਪ੍ਰਤੀ ਦਿਨ 9,35,556 ਬੈਰਲ ਸੀ। ਰੂਸ ਨੇ ਪਿਛਲੇ ਸਾਲ ਜੂਨ ਵਿੱਚ ਸਭ ਤੋਂ ਵੱਧ ਕੱਚੇ ਤੇਲ ਦੀ ਦਰਾਮਦ ਦਾ ਰਿਕਾਰਡ ਬਣਾਇਆ ਸੀ। ਭਾਰਤ ਨੇ ਜੂਨ 'ਚ 9,42,694 ਬੈਰਲ ਪ੍ਰਤੀ ਦਿਨ ਕੱਚੇ ਤੇਲ ਦੀ ਖਰੀਦ ਕੀਤੀ ਸੀ। ਇਸ ਦੇ ਨਾਲ ਹੀ, ਰੂਸ ਅਪ੍ਰੈਲ-ਦਸੰਬਰ 2022 ਵਿਚ ਵਪਾਰ ਦਰਾਮਦ ਕਰਨ ਵਾਲੇ 10 ਦੇਸ਼ਾਂ ਦੀ ਸੂਚੀ ਵਿਚ ਚੌਥੇ ਸਥਾਨ 'ਤੇ ਪਹੁੰਚ ਗਿਆ ਹੈ।




ਮੌਜੂਦਾ ਵਿੱਤੀ ਸਾਲ 'ਚ ਰੂਸ ਤੋਂ ਭਾਰਤ ਨੂੰ ਤੇਲ ਦੀ ਦਰਾਮਦ 'ਚ ਕਾਫੀ ਵਾਧਾ ਹੋਇਆ ਹੈ। ਜਿਸ ਕਾਰਨ ਰੂਸ ਇਸ ਮੁਕਾਮ ਤੱਕ ਪਹੁੰਚਿਆ ਹੈ। ਭਾਰਤ ਦੇ ਕੁੱਲ ਕੱਚੇ ਦਰਾਮਦ ਵਿੱਚ ਅਫਰੀਕੀ ਤੇਲ ਦਾ ਹਿੱਸਾ ਮਾਰਚ ਵਿੱਚ 14.5% ਤੋਂ ਘਟ ਕੇ ਅਪ੍ਰੈਲ ਵਿੱਚ 6% ਰਹਿ ਗਿਆ, ਜਦੋਂ ਕਿ ਅਮਰੀਕਾ ਦਾ ਹਿੱਸਾ ਲਗਭਗ ਅੱਧਾ ਰਹਿ ਕੇ ਸਿਰਫ 3% ਰਹਿ ਗਿਆ। ਰੂਸ ਦਾ ਵਪਾਰਕ ਆਯਾਤ ਅਪ੍ਰੈਲ-ਦਸੰਬਰ 2021 ਦੇ 6.58 ਬਿਲੀਅਨ ਡਾਲਰ ਤੋਂ ਵਧ ਕੇ ਅਪ੍ਰੈਲ-ਦਸੰਬਰ 2022 ਵਿੱਚ 32.88 ਬਿਲੀਅਨ ਡਾਲਰ ਤੱਕ ਪਹੁੰਚ ਜਾਵੇਗਾ। ਯਾਨੀ ਇੱਕ ਵਿੱਤੀ ਸਾਲ ਵਿੱਚ ਦਰਾਮਦ ਵਿੱਚ 399.73% ਦਾ ਵਾਧਾ ਹੋਇਆ ਹੈ, ਜੋ ਕਿ ਇੱਕ ਰਿਕ-ਾਰਡ ਹੈ।

ਭਾਰਤ ਆਪਣੀ ਲੋੜ ਦਾ 80% ਤੇਲ ਦਰਾਮਦ ਕਰਦਾ ਹੈ। ਭਾਰਤ ਨੇ ਪਿਛਲੇ ਸਾਲ ਅਪ੍ਰੈਲ 'ਚ ਰੂਸੀ ਤੇਲ ਦੀ ਦਰਾਮਦ ਨੂੰ ਵਧਾ ਕੇ ਲਗਭਗ 2 ਲੱਖ 77 ਹਜ਼ਾਰ ਬੈਰਲ ਪ੍ਰਤੀ ਦਿਨ ਕੀਤਾ, ਜੋ ਮਾਰਚ 'ਚ 66 ਹਜ਼ਾਰ ਬੈਰਲ ਪ੍ਰਤੀ ਦਿਨ ਸੀ। ਪਿਛਲੇ ਸਾਲ 8 ਦੇਸ਼ ਅਜਿਹੇ ਸਨ, ਜਿਨ੍ਹਾਂ ਤੋਂ ਭਾਰਤ ਨੇ ਰੂਸ ਨਾਲੋਂ ਜ਼ਿਆਦਾ ਤੇਲ ਖਰੀਦਿਆ ਸੀ ਪਰ ਅਪ੍ਰੈਲ ਤੱਕ ਇਹ ਅੰਕੜਾ ਵਧ ਗਿਆ ਹੈ। ਖਪਤ ਦੇ ਲਿਹਾਜ਼ ਨਾਲ ਅਮਰੀਕਾ ਅਤੇ ਚੀਨ ਤੋਂ ਬਾਅਦ ਭਾਰਤ ਦੁਨੀਆ ਦਾ ਸਭ ਤੋਂ ਵੱਡਾ ਦੇਸ਼ ਹੈ।

